

ਸ੍ਰੀ ਗੁਰੂ ਨਾਨਕ ਦੇਵ ਜੀ
(ਅੱਜ ਜੋਤੀ ਜੋਤ ਦਿਵਸ 'ਤੇ ਵਿਸ਼ੇਸ਼) ਪੰਨਾ 2

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

ਸੋਮਵਾਰ, 5 ਅਕਤੂਬਰ 2026 (ਨਾਨਕਸ਼ਾਹੀ ਸੰਮਤ : ੫੫੮, ੧੯ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## 10 ਅਕਤੂਬਰ ਨੂੰ ਬੰਦ ਹੋਣਗੇ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ, ਹੁਣ ਤੱਕ 3.60 ਲੱਖ ਤੋਂ ਵੱਧ ਸ਼ਰਧਾਲੂਆਂ ਨੇ ਕੀਤੇ ਦਰਸ਼ਨ



**ਰਿਸ਼ੀਕੇਸ਼, 4 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਹੁਣ ਅੰਤਿਮ ਪੜਾਅ 'ਚ ਪਹੁੰਚ ਗਈ ਹੈ। 10 ਅਕਤੂਬਰ ਨੂੰ ਸ੍ਰੀ ਹੇਮਕੁੰਟ ਸਾਹਿਬ ਦੇ ਕਿਵਾੜ ਸੀਤਕਾਲ ਲਈ ਬੰਦ ਕਰ ਦਿੱਤੇ ਜਾਣਗੇ। ਯਾਤਰਾ ਖਤਮ ਹੋਣ ਤੋਂ ਪਹਿਲਾਂ ਧਾਮ ਵਿਚ ਮੱਥਾ ਟੇਕਣ ਲਈ ਸ਼ਰਧਾਲੂਆਂ ਦੀ ਭੀੜ ਵਧਣ ਲੱਗੀ ਹੈ। ਆਉਣ ਵਾਲੀ 10 ਅਕਤੂਬਰ ਨੂੰ ਸ੍ਰੀ ਹੇਮਕੁੰਟ ਸਾਹਿਬ ਇਸ ਸਾਲ ਦੀ ਅੰਤਿਮ ਅਰਦਾਸ ਹੋਵੇਗੀ। ਇਸ ਦੇ ਬਾਅਦ ਕਿਵਾੜ ਸਰਦ ਰੁੱਤ ਲਈ ਬੰਦ ਕਰ ਦਿੱਤੇ ਜਾਣਗੇ। ਸ੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰੱਸਟ ਦੇ ਪ੍ਰਬੰਧਕ ਨੇ ਦੱਸਿਆ ਕਿ ਕਪਟਾਨ ਬੰਦ ਨੂੰ ਲੈ ਕੇ ਗੁਰਦੁਆਰਾ ਮੈਨੇਜਮੈਂਟ ਵੱਲੋਂ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਾਲ ਸ਼ਰਧਾਲੂਆਂ ਦੀ ਗਿਣਤੀ ਨੇ ਪਿਛਲੇ ਸਾਰੇ ਰਿਕਰਾਡ ਤੋੜ ਦਿੱਤੇ ਹਨ। ਹੁਣ ਤੱਕ 3 ਲੱਖ 58 ਹਜ਼ਾਰ ਤੋਂ ਵੱਧ ਸ਼ਰਧਾਲੂ ਸ੍ਰੀ ਹੇਮਕੁੰਟ ਸਾਹਿਬ ਪਹੁੰਚ ਚੁੱਕੇ ਹਨ।

## FlyDubai ਦੇ ਸਹਿ-ਪਾਇਲਟ ਦਾ ਰੂਹ ਕੰਬਾਊ ਕਬੂਲਨਾਮਾ

# 'ਜਹਾਜ਼ ਨੂੰ ਕਰੈਸ਼ ਕਰਨਾ ਹੀ ਮਕਸਦ ਸੀ, ਮੌਤ ਦਾ ਡਰ ਨਹੀਂ...'

**ਦੁਬਈ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜਹਾਜ਼ ਹਾਈਜੈਕ ਦੀ ਘਟਨਾ ਦੇ ਮਾਮਲੇ 'ਚ ਵੱਡਾ ਖੁਲਾਸਾ ਹੋਇਆ ਹੈ। ਜਹਾਜ਼ ਦੇ ਸਹਿ-ਪਾਇਲਟ ਨੇ ਰੂਹ ਕੰਬਾਊ ਕਬੂਲਨਾਮਾ ਕੀਤਾ ਹੈ, ਜਿਸ ਨਾਲ ਜਾਂਚਕਰਤਾਵਾਂ ਦੇ ਹੋਸ਼ ਉਡ ਗਏ ਹਨ। 'ਦ ਵਾਲ ਸਟਰੀਟ ਜਰਨਲ' ਦੀ ਰਿਪੋਰਟ ਅਨੁਸਾਰ, ਕੈਪਟਨ ਸਮਿਤ ਮਾਛਰ 'ਤੇ ਹਮਲਾ ਕਰਨ ਵਾਲੇ ਫਲਾਈਦੁਬਈ ਦੇ ਸਹਿ-ਪਾਇਲਟ ਨੇ ਸਾਊਦੀ ਅਰਬ ਵਿੱਚ ਜਾਂਚਕਰਤਾਵਾਂ ਨੂੰ ਦੱਸਿਆ ਕਿ ਉਹ ਜਹਾਜ਼ ਨੂੰ ਕਰੈਸ਼ ਕਰਨਾ ਚਾਹੁੰਦਾ ਸੀ ਅਤੇ ਮੌਤ ਤੋਂ ਨਹੀਂ ਡਰਦਾ ਸੀ। 29 ਸਾਲਾ ਓਮਾਨੀ ਨਾਗਰਿਕ ਹਮਾਮ ਅਲ-ਹਮਾਮੀ, ਨੂੰ ਸਾਊਦੀ ਅਰਬ ਤੋਂ ਵਾਪਸ ਲਿਆਂਦਾ ਗਿਆ ਸੀ, ਜਿੱਥੇ ਹਮਲੇ ਤੋਂ ਬਾਅਦ ਉਡਾਣ ਦੀ ਐਮਰਜੈਂਸੀ ਲੈਂਡਿੰਗ ਕੀਤੀ ਗਈ ਸੀ, ਤੋਂ ਹੁਣ ਯੂਏਈ ਦੇ ਅਧਿਕਾਰੀਆਂ ਵੱਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਯੂਏਈ ਦੇ ਅਟਾਰਨੀ ਜਨਰਲ ਨੇ ਸ਼ਨੀਵਾਰ ਨੂੰ ਕਿਹਾ ਕਿ ਸਹਿ-ਪਾਇਲਟ ਨੇ ਅੱਤਵਾਦੀ ਕਾਰਵਾਈ ਨੂੰ ਅੰਜਾਮ ਦੇਣ ਦੀ ਕੋਸ਼ਿਸ਼ ਕੀਤੀ ਸੀ। ਸਾਊਦੀ ਅਰਬ, ਯੂਏਈ ਅਤੇ ਇਜ਼ਰਾਈਲ ਇਸ ਘਟਨਾ ਦੀ ਜਾਂਚ ਕਰ ਰਹੇ ਹਨ, ਜਿਸ ਵਿੱਚ ਇਹ ਵੀ ਸ਼ਾਮਲ ਹੈ ਕਿ ਕੀ ਹਮਾਮੀ ਦਾ ਬਾਹਰੀ ਤਾਕਤਾਂ ਨਾਲ ਕੋਈ ਸਬੰਧ ਸੀ। ਹਮਾਮੀ 'ਤੇ ਜਹਾਜ਼ ਦਾ ਕੰਟਰੋਲ ਆਪਣੇ ਹੱਥ ਵਿੱਚ ਲੈਣ ਦੀ ਕੋਸ਼ਿਸ਼ ਕਰਨ ਤੋਂ ਪਹਿਲਾਂ ਜਹਾਜ਼ ਦੇ ਕਰੈਸ਼ ਦੌਰਾਨ ਕੁਹਾੜੀ ਨਾਲ ਕੈਪਟਨ ਨੂੰ ਵਾਰ-ਵਾਰ ਵਾਰ ਕਰਨ ਦਾ ਦੋਸ਼ ਹੈ। ਕੈਪਟਨ ਆਖਰਕਾਰ ਕਾਕਪਿਟ ਦਾ ਦਰਵਾਜ਼ਾ ਖੋਲ੍ਹਣ ਵਿੱਚ ਕਾਮਯਾਬ ਹੋ ਗਿਆ, ਜਿਸ ਨਾਲ ਯਾਤਰੀਆਂ ਅਤੇ ਚਾਲਕ ਦਲ ਨੂੰ ਦਖਲ ਦੇਣ ਦਾ ਮੌਕਾ ਮਿਲਿਆ। ਹਮਾਮੀ ਦਾ ਜਨਮ ਇੱਕ ਓਮਾਨੀ ਪਿਤਾ ਅਤੇ ਇੱਕ ਸੀਰੀਆਈ ਮਾਂ ਤੋਂ ਹੋਇਆ ਸੀ ਅਤੇ ਉਹ ਸਾਲਾਂ ਤੋਂ ਦੁਬਈ ਵਿੱਚ ਰਹਿ ਰਿਹਾ ਸੀ। ਉਸਨੇ ਦੇਸ਼ ਦੇ ਲੰਬੇ ਘਰੇਲੂ ਯੁੱਧ ਦੌਰਾਨ ਸੀਰੀਆ ਵਿੱਚ ਵੀ ਸਮਾਂ ਬਿਤਾਇਆ। ਹਵਾਲਾ ਦਿੱਤੀ ਗਈ ਜਾਂਚ ਤੋਂ ਜਾਣੂ ਲੋਕਾਂ ਦੇ ਅਨੁਸਾਰ, ਜਾਂਚਕਰਤਾ ਇਸ ਗੱਲ ਦੀ ਜਾਂਚ ਕਰ ਰਹੇ ਹਨ ਕਿ ਕੀ ਉਸਨੇ ਸੀਰੀਆ ਵਿੱਚ ਰਹਿੰਦਿਆਂ ਕੱਟੜਪੰਥੀ ਬਣਨਾ ਸ਼ੁਰੂ ਕੀਤਾ ਸੀ, ਜਿੱਥੇ ਇਸਲਾਮੀ ਬਾਗੀਆਂ ਨੇ ਅਸਦ ਸ਼ਾਸਨ ਨਾਲ ਲੜਾਈ ਲੜੀ ਸੀ। ਉਸਦੇ ਡਿਲੀਟ ਕੀਤੇ ਗਏ 'ਐਕਸ' ਖਾਤੇ ਤੋਂ ਪੋਸਟਾਂ ਦੇ 3,000 ਤੋਂ ਵੱਧ ਸਕ੍ਰੀਨਸ਼ਾਟ ਇੰਟਰਨੈੱਟ ਆਰਕਾਈਵ ਰਾਹੀਂ ਉਪਲਬਧ ਹਨ। ਕਈ ਪੋਸਟਾਂ ਵਿੱਚ ਔਰਤਾਂ ਦੇ ਕੰਮ ਕਰਨ ਦਾ ਵਿਰੋਧ ਅਤੇ ਬੁਰਕਾ ਪਹਿਨਣ ਵਾਲੀਆਂ ਧਾਰਮਿਕ ਔਰਤਾਂ ਨੂੰ ਤਰਜੀਹ ਦਿੱਤੀ ਗਈ ਸੀ।



## ਲੁਧਿਆਣਾ 'ਚ ਸਾਬਕਾ ਸਰਪੰਚ ਦਾ ਸ਼ਰੇਆਮ ਕਤਲ, 2 ਬਦਮਾਸ਼ਾਂ ਨੇ ਦਾਗੀਆਂ 10 ਗੋਲੀਆਂ

**ਲੁਧਿਆਣਾ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਲੁਧਿਆਣਾ ਦੇ ਲਾਡੋਵਾਲ ਇਲਾਕੇ ਵਿੱਚ ਬਦਮਾਸ਼ਾਂ ਨੇ ਮਾਨੇਵਾਲ ਪਿੰਡ ਦੇ ਸਾਬਕਾ ਸਰਪੰਚ ਨਵਤੇਜ ਸਿੰਘ ਉਰਫ਼ ਨੀਟੂ (60) ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ। ਹਮਲਾਵਰ ਮੋਟਰਸਾਈਕਲ 'ਤੇ ਆਏ ਸਨ ਅਤੇ ਉਨ੍ਹਾਂ ਨੇ ਸਾਬਕਾ ਸਰਪੰਚ ਦੀ ਇਨੋਵਾ ਕਾਰ 'ਤੇ ਕਰੀਬ 10 ਗੋਲੀਆਂ ਚਲਾਈਆਂ। ਇਹ ਘਟਨਾ ਸ਼ਨੀਵਾਰ ਦੇਰ ਸ਼ਾਮ ਵਾਪਰੀ। ਗੋਲੀਬਾਰੀ ਦੀ ਪੂਰੀ ਘਟਨਾ ਕਾਰ ਦੇ ਕੈਮਰੇ ਵਿੱਚ ਕੈਦ ਹੋ ਗਈ। ਘਟਨਾ ਤੋਂ ਬਾਅਦ, ਸਥਾਨਕ ਲੋਕ ਗੰਭੀਰ ਹਾਲਤ ਵਿੱਚ ਸਾਬਕਾ ਸਰਪੰਚ ਨੂੰ ਉਨ੍ਹਾਂ ਦੀ ਆਪਣੀ ਗੱਡੀ ਵਿੱਚ ਡੀਐਮਸੀ ਹਸਪਤਾਲ ਲੈ ਗਏ, ਜਿੱਥੇ ਡਾਕਟਰਾਂ ਨੇ ਉਨ੍ਹਾਂ ਨੂੰ ਮ੍ਰਿਤਕ ਐਲਾਨ ਦਿੱਤਾ। ਲਾਸ਼ ਦਾ ਪੋਸਟਮਾਰਟਮ ਅੱਜ ਕੀਤਾ ਜਾਵੇਗਾ। 3 ਅਕਤੂਬਰ ਦੀ ਸ਼ਾਮ ਨੂੰ ਨਵਤੇਜ ਸਿੰਘ ਮਾਨੇਵਾਲ ਪਿੰਡ ਵਿੱਚ ਆਪਣੀ 30-35 ਏਕੜ ਜ਼ਮੀਨ 'ਤੇ ਚੱਲ ਰਹੇ ਕੰਮ ਦਾ ਜਾਇਜ਼ਾ ਲੈਣ ਤੋਂ ਬਾਅਦ ਆਪਣੇ ਘਰ (ਕ੍ਰਿਸ਼ਨਾ ਨਗਰ, ਘੁਮਾਰ ਮੰਡੀ) ਪਰਤ ਰਹੇ ਸਨ। ਜਦੋਂ ਉਨ੍ਹਾਂ ਦੀ ਗੱਡੀ ਲਾਡੋਵਾਲ ਟੋਲ ਪਲਾਜ਼ਾ ਤੋਂ ਸਾਊਥ ਸਿਟੀ ਰੋਡ ਫਲਾਈਓਵਰ ਵੱਲ ਮੁੜੀ, ਤਾਂ ਪੰਜਾਬ ਫੂਡ ਦਫ਼ਤਰ ਨੇੜੇ ਮੋਟਰਸਾਈਕਲ ਸਵਾਰ ਦੋ ਹਮਲਾਵਰਾਂ ਨੇ ਉਨ੍ਹਾਂ 'ਤੇ ਅੰਨ੍ਹੇਵਾਹ ਗੋਲੀਆਂ ਚਲਾ ਦਿੱਤੀਆਂ। ਹਾਲਾਂਕਿ ਉਨ੍ਹਾਂ ਦਾ ਵਕੀਲ ਪੁੱਤਰ ਆਮ ਤੌਰ 'ਤੇ ਉਨ੍ਹਾਂ ਦੇ ਨਾਲ ਹੁੰਦਾ ਸੀ, ਪਰ ਕੱਲ੍ਹ ਉਹ ਇਕੱਲੇ ਸਨ। ਪਰਿਵਾਰ ਨੇ ਕਾਰ ਦੀ ਸੀਸੀਟੀਵੀ ਫੁਟੇਜ ਪੁਲਿਸ ਨੂੰ ਸੌਂਪ ਦਿੱਤੀ ਹੈ। ਫੁਟੇਜ ਵਿੱਚ ਦਿਖਾਈ ਦਿੰਦਾ ਹੈ ਕਿ ਸ਼ਾਮ 6:25 ਵਜੇ ਮੋਟਰਸਾਈਕਲ ਸਵਾਰ ਦੋ ਵਿਅਕਤੀ ਸਾਹਮਣੇ ਤੋਂ ਆਉਂਦੇ ਹਨ ਅਤੇ 6:27 ਵਜੇ ਗੋਲੀਬਾਰੀ ਸ਼ੁਰੂ ਕਰ ਦਿੰਦੇ ਹਨ। ਪਿੱਛੇ ਬੈਠੇ ਹਮਲਾਵਰ ਨੇ ਗੋਲੀਆਂ ਚਲਾਈਆਂ। ਉਹ ਪਹਿਲਾਂ ਸਾਹਮਣੇ ਤੋਂ ਆਏ, ਫਿਰ ਪਿੱਛੇ ਵੱਲ ਗਏ ਅਤੇ ਡਰਾਈਵਰ ਵਾਲੇ ਪਾਸੇ ਲਗਾਤਾਰ ਗੋਲੀਆਂ ਚਲਾਈਆਂ, ਜਿਸ ਨਾਲ ਡਰਾਈਵਰ ਵਾਲੀ ਖਿੜਕੀ ਦਾ ਸ਼ੀਸ਼ਾ ਟੁੱਟ ਗਿਆ।



## ਇਮਰਾਨ ਖ਼ਾਨ ਦੀ ਰਿਹਾਈ ਦੀ ਬੱਝੀ ਆਸ ! ਪੀ.ਟੀ.ਆਈ. ਦਾ 'ਲੌਂਗ ਮਾਰਚ' ਸ਼ੁਰੂ

**ਪੇਸ਼ਾਵਰ/ਇਸਲਾਮਾਬਾਦ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਅਤੇ ਜੇਲ੍ਹ ਵਿੱਚ ਬੰਦ ਹੋਰ ਪਾਰਟੀ ਆਗੂਆਂ ਦੀ ਰਿਹਾਈ ਲਈ ਪਾਕਿਸਤਾਨ ਤਹਿਰੀਕ-ਏ-ਇਨਸਾਫ਼ ਵੱਲੋਂ ਕੇਂਦਰ ਸਰਕਾਰ ਅਤੇ ਫੌਜੀ ਅਦਾਰੇ ਵਿਰੁੱਧ 'ਲੌਂਗ ਮਾਰਚ" ਦੀ ਸ਼ੁਰੂਆਤ ਕੀਤੀ ਗਈ ਹੈ। ਖ਼ੈਬਰ ਪਖਤੂਨਖਵਾ ਦੇ ਮੁੱਖ ਮੰਤਰੀ ਸੁਹੈਲ ਅਫ਼ਰੀਦੀ ਨੇ ਐਤਵਾਰ, 4 ਅਕਤੂਬਰ ਨੂੰ ਲੱਕੀ ਮਰਵਤ ਜ਼ਿਲ੍ਹੇ ਦੇ ਗੰਡੀ ਚੌਂਕ ਤੋਂ ਇਸ ਬਹੁ-ਦਿਨਾ ਪ੍ਰਾਂਤਕ 'ਲੌਂਗ ਮਾਰਚ" ਦੀ ਸ਼ੁਰੂਆਤ ਕੀਤੀ। ਮੁੱਖ ਮੰਤਰੀ ਸੁਹੈਲ ਅਫ਼ਰੀਦੀ ਨੇ ਜਨਤਾ ਨੂੰ ਇਸ ਮਾਰਚ ਵਿੱਚ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਇਹ ਮਾਰਚ ਪਾਕਿਸਤਾਨ ਦੀ ਤਕਦੀਰ ਬਦਲ ਦੇਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਜਦੋਂ ਤੱਕ ਇਮਰਾਨ ਖ਼ਾਨ, ਉਨ੍ਹਾਂ ਦੀ ਪਤਨੀ ਬੁਸ਼ਰਾ ਬੀਬੀ ਅਤੇ ਭੈਣ ਅਲੀਮਾ ਖ਼ਾਨ ਸਮੇਤ ਹੋਰ ਗ੍ਰਿਫ਼ਤਾਰ ਆਗੂਆਂ ਨੂੰ ਰਿਹਾਅ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਹ ਸਿਆਸੀ ਦਬਾਅ ਜਾਰੀ ਰਹੇਗਾ। ਉਨ੍ਹਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜਿੱਤ ਇਮਰਾਨ ਖ਼ਾਨ ਅਤੇ ਪਾਕਿਸਤਾਨ ਦੇ ਨੌਜਵਾਨਾਂ ਦੀ ਹੋਵੇਗੀ ਅਤੇ ਜ਼ੁਲਮ ਨੂੰ ਰੋਕਣਾ ਜਿਹਾਦ ਹੈ। ਮੁੱਖ ਮੰਤਰੀ ਅਫ਼ਰੀਦੀ ਨੇ ਕੇਂਦਰ ਸਰਕਾਰ ਦੀਆਂ ਨੀਤੀਆਂ ਦੀ ਤਿੱਖੀ ਆਲੋਚਨਾ ਕਰਦਿਆਂ ਦੋਸ਼ ਲਗਾਇਆ ਕਿ ਖ਼ੈਬਰ ਪਖਤੂਨਖਵਾ 'ਤੇ ਦਹਿਸ਼ਤਗਰਦੀ ਥੋਪੀ ਗਈ ਹੈ। ਉਨ੍ਹਾਂ ਕਿਹਾ ਕਿ ਫੌਜੀ ਕਾਰਵਾਈਆਂ ਅਤੇ ਡਰੋਨ ਹਮਲਿਆਂ ਵਿੱਚ ਪ੍ਰਾਂਤ ਦੇ ਬੇਗੁਨਾਹ ਲੋਕ ਮਾਰੇ ਜਾ ਰਹੇ ਹਨ, ਜਿਨ੍ਹਾਂ ਨੂੰ 'ਕੋਲੇਟਰਲ ਡੈਮੇਜ' ਕਹਿ ਕੇ ਸਿਰਫ਼ ਮਾਫ਼ੀ ਮੰਗ ਕੇ ਗੱਲ ਰਫ਼ਾ-ਦਫ਼ਾ ਕਰ ਦਿੱਤੀ ਜਾਂਦੀ ਹੈ। ਉਨ੍ਹਾਂ ਦਾਅਵਾ ਕੀਤਾ ਕਿ ਦੇਸ਼ ਦਾ ਭਲਾ ਸਿਰਫ਼ ਇਮਰਾਨ ਖ਼ਾਨ ਦੀਆਂ ਨੀਤੀਆਂ ਵਿੱਚ ਹੀ ਹੈ। ਦੂਜੇ ਪਾਸੇ, ਇਸਲਾਮਾਬਾਦ ਹਾਈ ਕੋਰਟ ਨੇ ਸਿਆਸੀ ਇਕੱਠਾਂ ਲਈ ਸਰਕਾਰੀ ਮਸ਼ੀਨਰੀ ਦੀ ਵਰਤੋਂ ਕਰਨ ਅਤੇ ਰਾਜਧਾਨੀ ਦੇ ਮੁੱਖ ਮਾਰਗਾਂ ਨੂੰ ਜਾਮ ਕਰਨ 'ਤੇ ਰੋਕ ਲਗਾਈ ਹੈ। ਕੇਂਦਰੀ ਗ੍ਰਹਿ ਮੰਤਰੀ ਮੁਹਸਿਨ ਨਕਵੀ ਨੇ ਚੇਤਾਵਨੀ ਦਿੱਤੀ ਸੀ ਕਿ ਜੇਕਰ ਪ੍ਰਾਂਤਕ ਸਰਕਾਰ ਵਿਰੋਧ ਪ੍ਰਦਰਸ਼ਨਾਂ ਨਾਲ ਅੱਗੇ ਵਧਦੀ ਹੈ ਤਾਂ ਰਾਜਪਾਲ ਸ਼ਾਸਨ ਲਗਾਉਣ ਦੇ ਕਾਨੂੰਨੀ ਵਿਕਲਪਾਂ 'ਤੇ ਵਿਚਾਰ ਕੀਤਾ ਜਾ ਸਕਦਾ ਹੈ, ਜਦੋਂ ਕਿ ਸੂਚਨਾ ਮੰਤਰੀ ਅੱਤਾ ਤਾਰੜ ਨੇ ਸਪੱਸ਼ਟ ਕੀਤਾ ਸੀ ਕਿ ਕੇਂਦਰ ਦਾ ਪ੍ਰਾਂਤਕ ਸਰਕਾਰ ਨੂੰ ਡੇਗਣ ਦਾ ਕੋਈ ਇਰਾਦਾ ਨਹੀਂ ਹੈ। ਕੇ.ਪੀ.ਕੇ. ਦੇ ਰਾਜਪਾਲ ਫੈਜ਼ਲ ਕਰੀਮ ਕੁੰਡੀ ਨੇ ਵੀ ਪ੍ਰਾਂਤਕ ਸਰਕਾਰ ਨੂੰ ਇਹ ਵਿਰੋਧ ਪ੍ਰਦਰਸ਼ਨ ਛੱਡਣ ਦੀ ਅਪੀਲ ਕੀਤੀ ਹੈ।




## ਸਪੇਨ 'ਚ 'ਰਿਹਾਇਸ਼ ਸੰਕਟ' ਹੋਇਆ ਡੂੰਘਾ, 500,000 ਲੋਕਾਂ ਨੇ ਕੀਤਾ ਵਿਰੋਧ ਪ੍ਰਦਰਸ਼ਨ

**ਮੈਡ੍ਰਿਡ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਸਪੇਨ ਵਿੱਚ ਵਧ ਰਹੇ ਰਿਹਾਇਸ਼ੀ ਸੰਕਟ ਦੇ ਖਿਲਾਫ ਸ਼ਨੀਵਾਰ ਨੂੰ ਮੈਡ੍ਰਿਡ ਸਮੇਤ ਕਈ ਸ਼ਹਿਰਾਂ ਵਿੱਚ ਵਿਸ਼ਾਲ ਪ੍ਰਦਰਸ਼ਨ ਹੋਏ। ਪ੍ਰਬੰਧਕਾਂ ਨੇ ਦੱਸਿਆ ਕਿ ਰਾਜਧਾਨੀ ਮੈਡ੍ਰਿਡ ਵਿੱਚ ਪ੍ਰਦਰਸ਼ਨਾਂ ਵਿੱਚ ਲਗਭਗ 500,000 ਲੋਕਾਂ ਨੇ ਹਿੱਸਾ ਲਿਆ, ਜਦੋਂ ਕਿ ਅਧਿਕਾਰੀਆਂ ਨੇ ਇਹ ਗਿਣਤੀ ਲਗਭਗ 70,000 ਦੱਸੀ। ਇਹ ਪ੍ਰਦਰਸ਼ਨ ਸੰਸਦ ਵੱਲੋਂ ਕਿਰਾਏਦਾਰਾਂ ਨੂੰ ਵਧੇਰੇ ਸੁਰੱਖਿਆ ਪ੍ਰਦਾਨ ਕਰਨ ਵਾਲੇ ਦੋ ਸਰਕਾਰੀ ਆਰਡੀਨੈਂਸਾਂ ਨੂੰ ਰੱਦ ਕਰਨ ਤੋਂ ਇੱਕ ਦਿਨ ਬਾਅਦ ਹੋਏ। ਪ੍ਰਦਰਸ਼ਨਕਾਰੀਆਂ ਨੇ ਮੈਡ੍ਰਿਡ ਦੇ ਪ੍ਰਮੁੱਖ ਸੈਰ-ਸਪਾਟਾ ਸਥਾਨ, ਪੋਰਟਾ ਡੇਲ ਸੋਲ ਵਿੱਚ ਲਗਭਗ ਇੱਕ ਹਫ਼ਤੇ ਤੋਂ ਡੇਰਾ ਲਾਇਆ ਹੋਇਆ ਹੈ। ਪ੍ਰਦਰਸ਼ਨਕਾਰੀਆਂ ਨੇ "ਆਮ ਹੜਤਾਲ" ਵਰਗੇ ਨਾਅਰਿਆਂ ਵਾਲੇ ਤਖ਼ਤੀਆਂ ਫੜੀਆਂ ਹੋਈਆਂ ਸਨ ਅਤੇ "ਰੈਂਟਲਿਜ਼ਮ ਖਤਮ ਕਰੋ" ਦੇ ਨਾਅਰੇ ਲਗਾਏ ਸਨ। ਮੈਡ੍ਰਿਡ ਵਿੱਚ ਪ੍ਰਦਰਸ਼ਨ ਸ਼ਾਂਤੀਪੂਰਨ ਰਹੇ, ਅਤੇ ਵੱਡੀ ਗਿਣਤੀ ਵਿੱਚ ਪੁਲਿਸ ਤਾਇਨਾਤ ਕੀਤੀ ਗਈ ਸੀ। ਕਿਰਾਏਦਾਰਾਂ ਦੀ ਇੱਕ ਐਸੋਸੀਏਸ਼ਨ ਨੇ ਕਿਹਾ ਕਿ ਜਨਤਕ ਮੰਗਾਂ ਅਤੇ ਚੋਣਾਂ ਵਿੱਚ ਰਾਜਨੀਤਿਕ ਪਾਰਟੀਆਂ ਦੁਆਰਾ ਲਏ ਗਏ ਫੈਸਲਿਆਂ ਵਿਚਕਾਰ ਇੱਕ "ਅਟੁੱਟ ਪਾੜਾ" ਪੈਦਾ ਹੋ ਗਿਆ ਹੈ। ਐਸੋਸੀਏਸ਼ਨ 50 ਪ੍ਰਤੀਸ਼ਤ ਕਿਰਾਏ ਵਿੱਚ ਕਟੌਤੀ, ਅਣਮਿੱਥੇ ਸਮੇਂ ਲਈ ਕਿਰਾਏ ਦੇ ਇਕਰਾਰਨਾਮੇ ਅਤੇ ਨਿਵੇਸ਼ ਕੰਪਨੀਆਂ ਤੋਂ ਘਰਾਂ ਦੀ ਪ੍ਰਾਪਤੀ ਦੀ ਮੰਗ ਕਰ ਰਹੀ ਹੈ। ਯੂਨੀਅਨ ਦੇ ਬੁਲਾਰੇ ਵਲੇਰੀਆ ਰਾਕੂ ਨੇ ਕਿਹਾ ਕਿ ਆਮ ਹੜਤਾਲ ਦੀ ਤਾਰੀਖ਼ ਅਜੇ ਤੈਅ ਨਹੀਂ ਹੋਈ ਹੈ ਅਤੇ ਹੋਰ ਸੰਗਠਨਾਂ ਨਾਲ ਵਿਚਾਰ-ਵਟਾਂਦਰਾ ਜਾਰੀ ਹੈ। ਉਸਨੇ ਕਿਹਾ ਕਿ ਸੰਗਠਨ ਇਸਨੂੰ "ਇਤਿਹਾਸਕ" ਬਣਾਉਣਾ ਚਾਹੁੰਦਾ ਹੈ। ਮਾਲਕਾਂ ਦੇ ਫੈਡਰੇਸ਼ਨ ਸੀਈਓਈ ਦੇ ਪ੍ਰਧਾਨ ਐਂਟੋਨੀਓ ਗੈਰਾਮੇਂਡੀ ਨੇ ਵਿਰੋਧ ਪ੍ਰਦਰਸ਼ਨ ਦੇ ਅਧਿਕਾਰ ਦਾ ਸਨਮਾਨ ਕਰਨ ਦੀ ਸਹੁੰ ਖਾਧੀ ਪਰ ਜੇਕਰ ਆਮ ਹੜਤਾਲ ਬੁਲਾਈ ਜਾਂਦੀ ਹੈ ਤਾਂ ਕਾਰਵਾਈ ਦੀ ਚੇਤਾਵਨੀ ਦਿੱਤੀ, ਕਿਉਂਕਿ ਉਸਨੇ ਅਜਿਹੀ ਹੜਤਾਲ ਨੂੰ "ਗੈਰ-ਕਾਨੂੰਨੀ" ਮੰਨਿਆ।




## ਪੰਜਾਬ ਕਾਂਗਰਸ ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਨੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਪਰਿਵਾਰ ਨਾਲ ਕੀਤੀ ਮੁਲਾਕਾਤ

**ਚੰਡੀਗੜ੍ਹ, 10 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ (ਪੀ.ਪੀ.ਸੀ.ਸੀ.) ਦੇ ਨਵ-ਨਿਯੁਕਤ ਪ੍ਰਧਾਨ ਪ੍ਰਗਟ ਸਿੰਘ ਨੇ ਆਪਣੀ ਨਵੀਂ ਜ਼ਿੰਮੇਵਾਰੀ ਦੀ ਸ਼ੁਰੂਆਤ ਕਰਨ ਤੋਂ ਪਹਿਲਾਂ ਦੇਸ਼ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਦੇ ਪਰਿਵਾਰ ਨਾਲ ਮੁਲਾਕਾਤ ਕੀਤੀ। ਉਨ੍ਹਾਂ ਡਾ. ਮਨਮੋਹਨ ਸਿੰਘ ਦੀ ਧਰਮਪਤਨੀ (ਮਿਸੀਜ਼ ਮਨਮੋਹਨ ਸਿੰਘ) ਤੋਂ ਆਸ਼ੀਰਵਾਦ ਲਿਆ। ਡਾ. ਮਨਮੋਹਨ ਸਿੰਘ ਜੀ ਪੰਜਾਬੀਅਤ, ਸਿੱਖੀ ਅਤੇ ਦੇਸ਼ ਦੇ ਅਜਿਹੇ ਮਹਾਨ ਸਤੰਭ (ਸਟਾਲਵਰਟ) ਹਨ, ਜਿਨ੍ਹਾਂ ਨੇ ਨਾ ਸਿਰਫ਼ ਆਰਥਿਕ ਤੌਰ 'ਤੇ ਦੇਸ਼ ਨੂੰ ਨਵੀਆਂ ਬੁਲੰਦੀਆਂ 'ਤੇ ਪਹੁੰਚਾਇਆ, ਬਲਕਿ ਇਮਾਨਦਾਰੀ ਅਤੇ ਇਨਸਾਨੀਅਤ ਦੀ ਇੱਕ ਮਿਸਾਲ ਕਾਇਮ ਕੀਤੀ। ਮੈਨੂੰ ਲੱਗਦਾ ਸੀ ਕਿ ਆਪਣੀ ਨਵੀਂ ਪਾਰਟੀ ਜ਼ਿੰਮੇਵਾਰੀ ਸ਼ੁਰੂ ਕਰਨ ਤੋਂ ਪਹਿਲਾਂ ਉਨ੍ਹਾਂ ਦੇ ਪਰਿਵਾਰ ਦਾ ਆਸ਼ੀਰਵਾਦ ਲੈ ਕੇ ਅੱਗੇ ਵਧਿਆ ਜਾਵੇ। ਡਾ. ਮਨਮੋਹਨ ਸਿੰਘ ਜੀ ਨੇ ਦੇਸ਼ ਵਿੱਚ ਜਿਹੜੀਆਂ ਸੰਸਥਾਵਾਂ ਖੜ੍ਹੀਆਂ ਕੀਤੀਆਂ ਸਨ, ਅੱਜ ਦੇ ਰਾਜਨੀਤਿਕ ਪ੍ਰਬੰਧ ਨੇ ਉਨ੍ਹਾਂ ਨੂੰ ਕਮਜ਼ੋਰ ਕਰ ਦਿੱਤਾ ਹੈ। ਸਾਡਾ ਮਕਸਦ ਉਸੇ ਭਾਵਨਾ ਨੂੰ ਪੰਜਾਬ ਅਤੇ ਦੇਸ਼ ਵਿੱਚ ਮੁੜ ਸੁਰਜੀਤ ਕਰਨਾ ਹੈ ਤਾਂ ਜੋ ਪੰਜਾਬ ਤਰੱਕੀ ਦੇ ਰਾਹ 'ਤੇ ਅੱਗੇ ਵਧ ਸਕੇ। ਅੰਮ੍ਰਿਤਸਰ ਵਿੱਚ ਹੋਈ ਹੱਤਿਆ ਦੀ ਘਟਨਾ ਅਤੇ ਗੈਂਗਸਟਰਾਂ ਵੱਲੋਂ ਜ਼ਿੰਮੇਵਾਰੀ ਲਏ ਜਾਣ ਦੇ ਸਵਾਲ 'ਤੇ ਬੋਲਦਿਆਂ ਪ੍ਰਗਟ ਸਿੰਘ ਨੇ ਮੌਜੂਦਾ ਸਰਕਾਰ ਅਤੇ ਪੰਜਾਬ ਪੁਲਿਸ ਦੀ ਅਗਵਾਈ 'ਤੇ ਸਵਾਲ ਚੁੱਕੇ। ਜਦੋਂ ਸੰਸਥਾਵਾਂ ਢਹਿ-ਢੇਰੀ ਹੋ ਜਾਂਦੀਆਂ ਹਨ, ਤਾਂ ਅਜਿਹੇ ਹਾਲਾਤ ਪੈਦਾ ਹੁੰਦੇ ਹਨ। ਪੰਜਾਬ ਪੁਲਿਸ ਬਹੁਤ ਸਮਰੱਥ ਹੈ, ਪਰ ਮੌਜੂਦਾ ਸਿਆਸੀ ਅਤੇ ਪੁਲਿਸ ਲੀਡਰਸ਼ਿਪ ਦੀ ਘਾਟ ਕਾਰਨ ਸਥਿਤੀ ਨੂੰ ਪੇਸ਼ੇਵਰ ਤਰੀਕੇ ਨਾਲ ਨਹੀਂ ਸੰਭਾਲਿਆ ਜਾ ਰਿਹਾ। ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੀਡਰਸ਼ਿਪ ਦੇ ਸਿਸਟਮ ਨੂੰ ਖ਼ਤਮ ਕਰ ਦਿੱਤਾ ਹੈ, ਜਿਸ ਦਾ ਸਭ ਤੋਂ ਵੱਡਾ ਨੁਕਸਾਨ ਸੂਬੇ ਨੂੰ ਹੋ ਰਿਹਾ ਹੈ। ਪੰਜਾਬ ਦਾ ਚਰਿੱਤਰ ਅਤੇ ਪੰਜਾਬੀਅਤ ਅਜਿਹੀ ਹੈ ਜੋ ਨਾ ਤਾਂ ਧਾੜਵੀਆਂ ਨੂੰ ਪਸੰਦ ਕਰਦੀ ਹੈ ਅਤੇ ਨਾ ਹੀ ਨਫ਼ਰਤ ਫੈਲਾਉਣ ਵਾਲਿਆਂ ਨੂੰ। ਆਉਣ ਵਾਲੇ ਸਮੇਂ ਵਿੱਚ ਅਸੀਂ ਪੰਜਾਬ ਦੇ ਵੱਕਾਰ ਅਤੇ ਸ਼ਾਨ ਨੂੰ ਮੁੜ ਬਹਾਲ ਕਰਾਂਗੇ।



## ਚੜ੍ਹਿਆ ਸੋਧਨ ਧਰਤਿ ਲੁਕਾਈ ।।

# ਸ੍ਰੀ ਗੁਰੂ ਨਾਨਕ ਦੇਵ ਜੀ

## ਅੱਜ ਜੋਤੀ ਜੋਤ ਦਿਵਸ ’ਤੇ ਵਿਸ਼ੇਸ਼





ਪ੍ਰੋ. ਪੂਰਨ ਸਿੰਘ ਲਿੱਖਦੇ ਹਨ ਕਿ ਗੁਰੂ ਨਾਨਕ ਦੇਵ ਜੀ ਦਾ ਨਾਮ ਕਾਗਜ਼ ਤੇ ਲਿੱਖਣ ਨਾਲ ਕਾਗਜ਼ ਹੀ ਖੁਸ਼ਬੂਦਾਰ ਹੋ ਜਾਂਦਾ ਹੈ ਅਤੇ ਉਹਨਾਂ ਦਾ ਉਪਦੇਸ਼ ਕੋਈ ਧਾਰਨ ਕਰ ਲਵੇ ਤਾਂ ਜ਼ਿੰਦਗੀ ਚੰਦਨ ਦੀ ਖੁਸਬੂਈ ਨਾਲ ਭਰੀ ਜਾਂਦੀ ਹੈ।ਸ੍ਰੀ ਗੁਰੂ ਨਾਨਕ ਦੇਵ ਜੀ ਨੇ 15 ਅਪ੍ਰੈਲ 1469 ਈ: ਨੂੰ (1526 ਬਿਕਰਮੀ ਵਿਸਾਖ ਸੁਦੀ ਤਿੰਨ) ਨੂੰ ਪਿਤਾ ਮਹਿਤਾ ਕਾਲੂ ਅਤੇ ਮਾਤਾ ਤ੍ਰਿਪਤਾ ਜੀ ਦੇ ਗ੍ਰਹਿ ਰਾਇ ਭੋਇ ਦੀ ਤਲਵੰਡੀ ਨਨਕਾਣਾ ਸਾਹਿਬ ਪਾਕਿਸਤਾਨ ਵਿੱਚ ਰਾਤ ਦੇ ਇੱਕ ਵਜ਼ੇ ਅਵਤਾਰ ਧਾਰਿਆ। ਆਪ ਜੀ ਦੇ ਪਿਤਾ ਬੇਦੀ ਖੱਤਰੀ ਖਾਨਦਾਨ ਵਿੱਚੋਂ ਸਨ ਤੇ ਪਟਵਾਰੀ ਸਨ।

ਆਪ ਦਾ ਨਾਮ ਨਾਨਕ ਆਪ ਜੀ ਦੀ ਵੱਡੀ ਭੈਣ ਨਾਨਕੀ ਜੀ ਨੇ ਰੱਖਿਆ। ਪ੍ਰਿੰ. ਸਤਿਬੀਰ ਸਿੰਘ ਲਿੱਖਦੇ ਹਨ ਕਿ ‘ਰਾਜ ਲੋਭ ਦਾ ਸੀ, ਚੌਂਕੀਦਾਰੀ ਕਾਮ ਦੀ ਸੀ, ਸਰਦਾਰੀ ਕੂੜ ਦੀ ਸੀ, ਜਨਤਾ ਅਗਿਆਨਤਾ ਦੇ ਹਨੇਰੇ ਵਿੱਚ ਫਸੀ ਹੋਈ ਸੀ, ਸੱਚ ਤੇ ਸਦਾਚਾਰ ਉੱਡ ਗਿਆ ਸੀ, ਧਰਮ ਦੇ ਠੇਕੇਦਾਰ ਧਰਮ ਨੂੰ ਵੇਚ-ਵੇਚ ਕੇ ਖਾ ਰਹੇ ਸਨ। ਇਸਤਰੀ ਰੂਪ ਦਾ ਸ਼ਿੰਗਾਰ ਬਣ ਕੇ ਵੇਸਵਾ ਬਣੀ ਹੋਈ ਸੀ, ਗੱਲ ਕੀ, ਹਰ ਗੱਲ ਵਿੱਚ ਕੂੜ ਪ੍ਰਧਾਨ ਸੀ।’ ਇਹ ਦਸ਼ਾ ਸੀ ਜਦ ਗੁਰੂ ਨਾਨਕ ਦੇਵ ਜੀ ਪ੍ਰਗਟ ਹੋਏ।ਜਦ ਆਪ ਜੀ ਵੱਡੇ ਹੋਏ ਤਾਂ ਆਪ ਨੂੰ ਪੜ੍ਹਨ ਲਈ 1476 ਈ: ਨੂੰ ਗੋਪਾਲ ਦਾਸ ਪਾਂਡੇ ਤੇ ਮੌਲਵੀਂ ਕੁਤਬਦੀਨ ਕੋਲ ਭੇਜਿਆ।

ਜਦੋਂ ਆਪ ਜੀ ਨੌ ਸਾਲ ਦੇ ਹੋਏ ਤਾਂ ਆਪ ਨੂੰ ਜੰਞੂ ਪਾਇਆ ਜਾਣ ਲੱਗਾ ਤਾਂ ਆਪ ਨੇ ਇਨਕਾਰ ਕਰ ਦਿੱਤਾ ।ਆਪ ਸ਼ਾਤ ਸੁਭਾਅ ਦੇ ਮਾਲਕ ਸਨ।ਆਪ ਸਦਾ ਪ੍ਰਭੂ ਭਗਤੀ ਵਿੱਚ ਲੀਨ ਰਹਿੰਦੇ ਸਨ।ਦੁਨਿਆਵੀਂ ਕੰਮਾਂ ਤੋਂ ਆਪ ਦਾ ਮਨ ਉਚਾਟ ਰਹਿੰਦਾ ਸੀ। ਆਪ ਦੇ ਘਰਵਾਲੇ ਆਪ ਪ੍ਰਤੀ ਚਿੰਤਤ ਰਹਿਣ ਲੱਗੇ ਕਿ ਨਾਨਕ ਨੂੰ ਕੋਈ ਕਸਰ ਹੈ। ਇਸ ਲਈ ਕਿਸੇ ਵੈਦ ਨੂੰ ਬੁਲਾਇਆ। ਜਦੋ ਵੈਦ ਨੇ ਪੁੱਛਿਆਂ ਤਾਂ ਆਪ ਨੇ ਪ੍ਰਭੂ ਮਿਲਣ ਦੀ ਤਾਂਘ ਪ੍ਰਗਟਾਈ। ਆਪ ਨੂੰ ਪਿਤਾ ਕਾਲੂ ਨੇ ਡੰਗਰ ਚਾਰਨ ਲਈ ਭੇਜਿਆ, ਜਿੱਥੇ ਆਪ ਨੇ ਕਈ ਕੌਤਕ ਕੀਤੇ। ਸੌਲ੍ਹਾਂ ਸਾਲ ਦੀ ਉਮਰ ਵਿੱਚ ਆਪ ਜੀ ਦੇ ਵਿਆਹ ਬਾਰੇ ਸੋਚਿਆ ਗਿਆ ਤੇ ਰਾਵੀ ਦਰਿਆ ਦੇ ਪੂਰਬੀ ਕੰਢੇ ਪਿੰਡ ਪੱਖੋਕੇ ਰੰਧਾਵੇ ਜਿਲ੍ਹਾ ਗੁਰਦਾਸਪੁਰ ਵਿਖੇ ਮੂਲਾ ਪਟਵਾਰੀ ਜਾਤ ਚੋਨਾ ਖੱਤਰੀ ਦੀ ਪੁੱਤਰੀ ਬੀਬੀ ਸੁਲੱਖਣੀ ਜੀ ਨਾਲ ਪਿੰਡ ਪੱਖੋਕੇ ਤੋਂ ਵੀਹ ਮੀਲ ਦੂਰ ਬਟਾਲੇ (ਜਿੱਥੇ ਮੂਲੇ ਦਾ ਅਸਲ ਪਿੰਡ ਸੀ) ਵਿੱਚ ਹੋਇਆਂ। ਜਿੱਥੇ ਅੱਜ ਕਲ ਗੁਰਦੁਆਰਾ ਕੰਧ ਸਾਹਿਬ ਸਸ਼ੋਭਿਤ ਹੈ।

ਵਿਆਹ ਤੋਂ ਬਾਅਦ ਵੀ ਆਪ ਦਾ ਮਨ ਘਰ ਦੇ ਕੰਮਾਂ ਵਿੱਚ ਨਾ ਲੱਗਾ ਤਾਂ ਆਪ ਦੇ ਪਿਤਾ ਨੇ ਵੀਹ ਰੁਪੈ ਦੇ ਕੇ ਆਪ ਨੂੰ ਵਪਾਰ ਕਰਨ ਲਈ ਭੇਜਿਆ ਤਾਂ ਆਪ ਭੁੱਖੇ ਸਾਧੂਆਂ ਨੂੰ ਭੋਜਨ ਛਕਾ ਕੇ ਘਰ ਆਏ ਤਾਂ ਪਿਤਾ ਕਾਲੂ ਨੇ ਬਹੁਤ ਝਿੜਕਿਆਂ।ਵਿਆਹ ਤੋਂ ਕਈ ਸਾਲ ਬਾਅਦ ਜਦ ਆਪ ਦੇ ਘਰ ਕੋਈ ਉਲਾਦ ਨਾ ਹੋਈ ਤਾਂ ਆਪ ਜੀ ਦੀ ਸੱਸ ਚੰਦੋ ਰਾਣੀ, ਮਾਤਾ ਤ੍ਰਿਪਤਾ, ਗੁਰੂ ਕੇ ਮਹਿਲ ਮਾਤਾ ਸੁਲੱਖਣੀ ਜੀ ਚਿੰਤਾਤੁਰ ਰਹਿਣ ਲੱਗੇ। ਆਪ ਜੀ ਦੀ ਵੱਡੀ ਭੈਣ ਬੇਬੇ ਨਾਨਕੀ ਜੀ ਨੇ ਸਾਰਿਆ ਦੀ ਖੁਆਇਸ਼ ਤੋਂ ਆਪ ਜੀ ਨੂੰ ਜਾਣੂ ਕਰਾਇਆ। ਫਿਰ ਬਾਬਾ ਸ਼੍ਰੀ ਚੰਦ ਜੀ ਤੇ ਬਾਬਾ ਲਖਮੀ ਦਾਸ ਜੀ ਦਾ ਜਨਮ ਹੋਇਆ।ਆਪ ਜੀ ਆਪਣੀ ਭੈਣ ਬੇਬੇ ਨਾਨਕੀ ਤੇ ਜੀਜਾ ਜੈ ਰਾਮ ਜੀ ਕੋਲ ਸੁਲਤਾਨਪੁਰ ਲੋਧੀ ਗਏ, ਜਿੱਥੇ ਆਪ ਨੇ ਨਵਾਬ ਦੌਲਤ ਖਾਂ ਦਾ ਲੌਧੀਖਾਨਾ ਸੰਭਾਲਿਆ ਤੇ ਤੇਰਾਂ- ਤੇਰਾਂ ਤੋਲ ਕੇ ਮਾਲਕ ਦੀ ਉਸਤਿਤ ਕੀਤੀ।ਉਸ ਥਾਂ ਤੇ ਗੁਰਦੁਆਰਾ ਹੱਟ ਸਾਹਬ ਹੈ। ਗੁਰੂ ਨਾਨਕ ਸਾਹਬ ਜਦੋਂ ਤਲਵੰਡੀ ਤੋਂ ਸੁਲਤਾਨਪੁਰ ਆਏ ਸਨ ਤਾਂ ਮਾਤਾ ਸੁੱਲਖਣੀ ਜੀ ਨੂੰ ਕਿਹਾ ਸੀ ਕਿ ਰੁਜਗਾਰ ਮਿਲਣ ਤੇ ਬੁਲਾ ਲਵਾਂਗਾਂ ਤੇ ਉੱਥੇ ਬੁਲਾ ਕੇ ਵੱਖਰੇ ਮਕਾਨ ਵਿੱਚ ਰਹਿਣ ਲੱਗੇ, ਸੋ ਉਸ ਜਗ੍ਹਾ ਤੇ ਗੁਰਦੁਆਰਾ ਗੁਰੂ ਕਾ ਬਾਗ ਸਥਿੱਤ ਹੈ। ਭਾਈ ਗੁਰਦਾਸ ਜੀ ਦੇ ਸ਼ਬਦਾਂ ਵਿੱਚ ਧਰਤੀ ਦੇ ਲੋਕਾਂ ਨੂੰ ਸੋਧਣ ਲਈ ਨਿੱਤਰ ਪਏ:

**ਚੜ੍ਹਿਆ ਸੋਧਨ ਧਰਤਿ ਲੁਕਾਈ ।।**

ਆਪ ਨੇ ਆਪਣੇ ਜੀਵਨ ਕਾਲ ਵਿੱਚ ਉੱਤਰ, ਦੱਖਣ, ਪੂਰਬ, ਪੱਛਮ ਚਾਰ ਉਦਾਸੀਆਂ ਕੀਤੀਆਂ।ਆਪ ਚੂਹੜਕਾਣਾ, ਹਰਿਦੁਆਰ, ਅਲਮੌੜਾ, ਗੋਰਖਮਤਾ, ਅਯੁੱਧਿਆ, ਪ੍ਰਯਾਗ, ਬਨਾਰਸ, ਗਯਾ, ਗੋਹਾਟੀ, ਕੌਡਾ ਭੀਲ, ਸਾਲਸ ਰਾਇ ਜੌਹਰੀ, ਢਾਕਾ, ਧਨਪੁਰ, ਜਗਨਨਾਥਪੁਰੀ, ਬੇਜਵਾੜਾ, ਕੜਾਪੇ, ਪਾਲੀਪੁਰ, ਰਮੇਸ਼ਵਰ, ਸਿੰਘਲਦੀਪ, ਕੋਚੀਨ, ਪਾਲਘਾਟ, ਪਾਧਰਪੁਰ, ਸੋਲਾਪੁਰ, ਨਾਰਸੀ, ਊਨਾ, ਉਆਕਾਰ, ਇੰਦੋਰ, ਉਜੈਨ, ਸੋਮਨਾਥ, ਜੂਨਾਗੜ ਦੁਆਰਕਾ, ਕੱਛ ਵਾਮ ਵਾਰਗੀਏ, ਬੀਸ ਨਗਰ, ਆਬੂ ਪਰਬ ਜੈਨ ਪਾਸਰਾ, ਨਾਥ ਦੁਆਰਾ, ਚੜੌਤ, ਅਜਮੇਰ, ਪੁਸ਼ਕਰ, ਦਿਉਲੀ ਛਾਉਣੀ, ਪੁਸ਼ਕਰ, ਕਿਸ਼ਨਗੜ੍ਹ, ਪਾਣੀਪਤ ਪਿਹੋਵੇਂ, ਕੁਰਕਸ਼ੇਤਰ ਤੋਂ ਹੁੰਦੇ ਹੋਏ ਵਾਪਸ ਤਲਵੰਡੀ ਭਾਈ ਮਰਦਾਨੇ ਨਾਲ ਪਹੁੰਚੇ।ਫਿਰ ਤਲਵੰਡੀ ਤੋਂ ਕਲਾਨੌਰ, ਕਰਤਾਰਪੁਰ, ਦਸੂਹਾ, ਕਾਗੜਾ, ਜਵਾਲਾਮੁਖੀ, ਸਾਂਈ ਬੁੱਢਣਸ਼ਾਹ, ਰਵਾਲਸਰ, ਬ੍ਰਹਮਕੋਠੀ, ਮਨੀਕਰਨ, ਪਿਜੋਰ, ਧਾਰਾਤੀਰਥ, ਬਸ਼ਤਰ, ਜੌੜਸਰ, ਸੁਮੇਰ ਪਰਬਤ, ਨੇਪਾਲ, ਸਿੱਕਮ , ਵੈਸਨੋ ਦੇਵੀਂ, ਅਮਰਨਾਥ, ਮਟਨ, ਜੰਮੂ, ਸਿਆਲਕੋਟ, ਪਸੂਰਾ ਤੇ ਵਾਪਸ ਕਰਤਾਰਪੁਰ ਆ ਗਏ।

ਫਿਰ ਕਰਤਾਰਪੁਰ ਤੋਂ ਇਸਲਾਮ ਤੀਰਥਾਂ ਵੱਲ ਪਾਕਪਟਨ, ਤੁਲੰਭੇ, ਮਖਦੂਮਪੁਰ, ਮੁਲਤਾਨ, ਬਹਾਵਲਪੁਰ, ਸ਼ੱਖਰ, ਸ਼ਿਕਾਰਪੁਰ, ਲਾਸਾਬੋਲਾ, ਮੇਕਰਾਨ, ਬਲੋਚਿਸਤਾਨ, ਕਾਅਬਾ, ਮਦੀਨੇ, ਬਸਰੇ, ਬਗਦਾਦ, ਇਰਾਕ, ਤੁਰਕਿਸਤਾਨ, ਅਫਗਾਨਿਸਤਾਨ, ਕਾਬਲ, ਜਲਾਲਾਬਾਦ, ਪੰਜਾ ਸਾਹਿਬ, ਜੇਹਲਮ, ਭੌਰੇ ਕੌਰ ਸਾਹਿਬ, ਡਿੰਗਾ ਸੈਦਪੁਰ ਤੇ ਵਾਪਸ ਕਰਤਾਰਪੁਰ ਤੇ ਫਿਰ ਕਰਤਾਰਪੁਰ ਤੌਂ ਸਿੱਧਾਂ ਕੋਲ ਮੁਲਤਾਨ, ਸਿਆਲਕੋਟ ਤੋਂ ਕਰਤਾਰਪੁਰ ਪਹੁੰਚੇ।

ਆਪ ਜੀ ਦੇ ਸਮੇਂ ਕਾਲ ਦੌਰਾਨ ਦੇ ਹੁਕਮਰਾਨ ਬਾਹਲੋਲ, ਸਿਕੰਦਰ, ਇਬਰਾਹੀਮ ਲੋਧੀ, ਬਾਬਰ ਤੇ ਹੰਮਾਯੂ ਰਹੇ ਹਨ। ਧੰਨ- ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੀ ਪਵਿੱਤਰ ਬਾਣੀ ਦਰਜ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਆਪ ਜੀ ਦੇ ਕੁੱਲ 974 ( ਭਾਈ ਕਾਨ੍ਹ ਸਿੰਘ ਨਾਭਾ ਜੀ ਦੀ ਗਿਣਤੀ ਅਨੁਸਾਰ 947 ਛੰਦ ਹਨ) 19 ਰਾਗਾਂ ਸਿਰੀ, ਮਾਝ, ਗਉੜੀ, ਆਸਾ, ਗੁਜਰੀ ਵਡਹੰਸ, ਸੋਰਿਠ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਰਾਮਕਲੀ, ਮਾਰੂ, ਤੁਖਾਰੀ ਭੈਰਉ, ਬਸੰਤ, ਸਾਰੰਗ, ਮਲਾਰ ਤੇ ਪ੍ਰਭਾਤੀ ਵਿੱਚ ਉਚਾਰੇ ਗਏ ਹਨ। ਭਾਈ ਲਹਿਣਾ ਜੀ ਦਾ ਗੁਰੂ ਜੀ ਕੋਲ 1532 ਈ: ਨੂੰ ਆਉਣਾ ਹੋਇਆ। ਭਾਈ ਲਹਿਣਾ ਜੀ ਨੇ ਸੱਤ ਸਾਲ ਗੁਰੂ ਸਾਹਿਬ ਜੀ ਦੀ ਤਨ ਮਨ ਨਾਲ ਸੇਵਾ ਕੀਤੀ ।ਗੁਰੂ ਸਾਹਿਬ ਜੀ ਨੇ ਭਾਈ ਲਹਿਣਾ ਜੀ ਨੂੰ ਭਾਈ ਲਹਿਣਾ ਤੋਂ ਗੁਰੂ ਅੰਗਦ ਦੇਵ ਬਣਾ ਦਿੱਤਾ। ਅੰਤ 22 ਸਤੰਬਰ 1539 ਈ: ਨੂੰ ਕਰਤਾਰਪੁਰ ਪਾਕਿਸਤਾਨ ਵਿਖੇ ਆਪ ਗੁਰਿਆਈ ਗੁਰੂ ਅੰਗਦ ਦੇਵ ਜੀ ਨੂੰ ਸੋਂਪ 70 ਸਾਲ ਦੀ ਲੰਮੀ ਆਯੂ ਭੋਗ ਕੇ ਜੋਤੀ ਜੋਤ ਸਮਾ ਗਏ। ਜਿੱਥੇ ਸੁੰਦਰ ਗੁਰੂਦੁਆਰਾ ਸਾਹਿਬ ਸਸ਼ੋਭਿਤ ਹੈ । ਰੋਜਾਨਾ ਹਜਾਰਾਂ ਸੰਗਤਾਂ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੁੰਦੀਆਂ ਹਨ।

**-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ- 143022**

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਧੁਰਕੀ ਸ਼ਬਦੁ ਸਚੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA
WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ





ਗੁਰਮਤਿ ਸਮਾਗਮ
1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਲੜੀ ਆਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ
ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।
ਨੋਟ : ਇਹ ਸਮਾਗਮ 13 ਦਿਨ ਚੱਲੇਗਾ
ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਰੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਰੋਂ, ਜ: ਮਹਿਤਾਬ ਸਿੰਘ ਵਿਰੋਂ
ਸੰਪਰਕ ਨੰਬਰ
84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਅਧਿਆਪਕਾਂ ਦੀ ਕਮੀ ਦੂਰ ਕਰਨ ਦੀ ਔਕਾਤ ਨਹੀਂ

# ਸਵਾਲ ਚੁੱਕਣ ਵਾਲੇ ਵਿਧਾਇਕ ਨੂੰ ਹੀ ਕਰ ਦਿੱਤਾ ਮੁਅੱਤਲ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ, 4 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਸੂਬਾਈ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮੌੜ ਮੰਡੀ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ ਵੱਲੋਂ ਸਰਕਾਰੀ ਸਕੂਲਾਂ, ਜਿਨ੍ਹਾਂ 'ਚ 'ਸਕੂਲ ਆਫ਼ ਐਮੀਨੈਂਸ' ਵੀ ਸ਼ਾਮਲ ਹਨ, ਵਿੱਚ ਅਧਿਆਪਕਾਂ ਦੀ ਕਮੀ ਦਾ ਮੁੱਦਾ ਉਠਾਉਣ 'ਤੇ ਪਾਰਟੀ ਵੱਲੋਂ ਉਨ੍ਹਾਂ ਨੂੰ ਮੁਅੱਤਲ ਕੀਤੇ ਜਾਣ ਵਿਰੁੱਧ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ ਅਤੇ ਮਾਨ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਕਿਹਾ ਕਿ ਇਸ ਕਾਰਵਾਈ ਨੇ 'ਆਪ' ਦੀ ਅਖੌਤੀ 'ਸਿੱਖਿਆ ਕ੍ਰਾਂਤੀ' ਦਾ ਪਾਜ ਉਧੇੜ ਕੇ ਰੱਖ ਦਿੱਤਾ ਹੈ।

ਪ੍ਰੋ. ਖਿਆਲਾ ਨੇ ਮਾਈਸਰਖਾਨਾ ਵੱਲੋਂ 'ਆਪ' ਦੀ ਸਿੱਖਿਆ ਨੀਤੀ ਦਾ ਪਰਦਾਫਾਸ਼ ਕਰਨ ਅਤੇ ਸਖ਼ਤ ਆਲੋਚਨਾ ਕਰਨ ਦੇ ਹੌਂਸਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਦੇ ਵਿਧਾਇਕਾਂ ਨੇ ਹੀ ਹੁਣ ਸਰਕਾਰ ਖ਼ਿਲਾਫ਼ ਬਗਾਵਤੀ ਤੇ ਸਖ਼ਤ ਰੁਖ਼ ਅਖ਼ਿਤਆਰ ਕਰ ਲਿਆ ਹੈ। ਜਿਸ ਪਾਰਟੀ ਦੇ ਵਿਧਾਇਕ ਦੇ ਆਪਣੇ ਬੱਚੇ ਸਰਕਾਰੀ ਸਕੂਲ ਵਿੱਚ ਪੜ੍ਹਦੇ ਹੋਣ, ਜੇਕਰ ਉਹੀ ਵਿਧਾਇਕ ਬੱਚਿਆਂ ਦੇ ਭਵਿੱਖ ਲਈ ਸਕੂਲਾਂ ਵਿੱਚ ਅਧਿਆਪਕਾਂ ਦੀਆਂ ਖਾਲੀ ਅਸਾਮੀਆਂ ਭਰਨ ਦੀ ਗੁਹਾਰ ਲਗਾਵੇ ਅਤੇ ਸਰਕਾਰ ਉਸ ਦੀ ਸਮੱਸਿਆ ਹੱਲ ਕਰਨ ਦੀ ਬਜਾਏ ਉਸ ਨੂੰ ਹੀ ਮੁਅੱਤਲ ਕਰਨ ਦੀ ਸ਼ਰਮਨਾਕ ਕਾਰਵਾਈ ਕਰੇ, ਤਾਂ ਇਹ ਸਾਫ਼ ਹੈ ਕਿ 'ਆਪ' ਲੋਕਤੰਤਰੀ ਪਾਰਟੀ ਨਹੀਂ, ਸਗੋਂ ਹਿਟਲਰਸ਼ਾਹੀ ਸੋਚ ਨਾਲ ਚੱਲਣ ਵਾਲਾ ਗਰੋਹ ਹੈ।

ਉਨ੍ਹਾਂ ਕਿਹਾ ਕਿ ਪਹਿਲਾਂ ਦਿੱਲੀ ਅਤੇ ਹੁਣ ਪੰਜਾਬ ਵਿੱਚ ਸਿੱਖਿਆ ਕ੍ਰਾਂਤੀ ਦੇ ਨਾਂ 'ਤੇ ਲੋਕਾਂ ਦੇ ਖ਼ੂਨ-ਪਸੀਨੇ ਦੀ ਕਮਾਈ ਦੇ ਸੈਂਕੜੇ ਕਰੋੜ ਰੁਪਏ ਇਸ਼ਤਿਹਾਰਬਾਜ਼ੀ ਵਿੱਚ ਫੂਕਣ ਵਾਲੀ ਸਰਕਾਰ ਦਾ ਪਾਖੰਡ ਤੇ ਅਸਲੀ ਚਿਹਰਾ ਨੰਗਾ ਹੋ ਚੁੱਕਾ ਹੈ। ਮਾਨ ਸਰਕਾਰ ਕੋਲ ਅਧਿਆਪਕ ਭਰਤੀ ਕਰਨ ਦੀ ਨਾ ਕੋਈ ਨੀਤੀ ਹੈ ਅਤੇ ਨਾ ਹੀ ਨੀਅਤ। ਸਰਕਾਰ ਨੇ ਇਹ ਸਾਬਤ ਕਰ ਦਿੱਤਾ ਹੈ ਕਿ ਇਹ ਸਿਰਫ਼ ਝੂਠ ਅਤੇ ਧੋਖੇ ਦੇ ਸਹਾਰੇ ਸੱਤਾ ਚਲਾ ਰਹੀ ਹੈ। ਜ਼ਮੀਨੀ ਪੱਧਰ 'ਤੇ ਪੰਜਾਬ ਦੇ ਸਕੂਲ ਅਧਿਆਪਕਾਂ ਤੋਂ ਸੱਖਣੇ ਹਨ ਅਤੇ ਬੱਚਿਆਂ ਦਾ ਭਵਿੱਖ ਦਾਅ 'ਤੇ ਲੱਗਿਆ ਹੋਇਆ ਹੈ।

ਭਾਜਪਾ ਬੁਲਾਰੇ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਘੇਰਦਿਆਂ ਕਿਹਾ ਕਿ 'ਆਪ' ਸਰਕਾਰ ਪੂਰੀ ਤਰ੍ਹਾਂ ਤਾਨਾਸ਼ਾਹੀ ਰੁਖ਼ ਅਖ਼ਿਤਆਰ ਕਰ ਚੁੱਕੀ ਹੈ। ਪਾਰਟੀ ਅੰਦਰ ਲੋਕਤੰਤਰ ਦਾ ਜਨਾਜ਼ਾ ਨਿਕਲ ਚੁੱਕਾ ਹੈ, ਜਿੱਥੇ ਸਿਰਫ਼ ਦਿੱਲੀ ਦੇ ਆਕਾਵਾਂ ਦੇ ਹੁਕਮ ਮੰਨਣ ਦੀ ਛੋਟ ਹੈ, ਲੋਕ ਹਿੱਤ ਵਿੱਚ ਸੱਚ ਬੋਲਣ ਦੀ ਕੋਈ ਥਾਂ ਨਹੀਂ।

ਪ੍ਰੋ. ਖਿਆਲਾ ਨੇ ਮੁੱਖ ਮੰਤਰੀ ਨੂੰ ਲਲਕਾਰਦਿਆਂ ਕਿਹਾ ਕਿ ਜੇਕਰ ਸਰਕਾਰ ਵਿੱਚ ਥੋੜ੍ਹੀ ਜਿਹੀ ਵੀ ਨੈਤਿਕਤਾ ਬਾਕੀ ਹੈ ਤਾਂ ਉਹ ਆਪਣੀਆਂ ਨਾਕਾਮੀਆਂ ਛੁਪਾਉਣ ਲਈ ਵਿਧਾਇਕਾਂ ਦੀਆਂ ਜ਼ੁਬਾਨਾਂ ਬੰਦ ਕਰਨ ਦਾ ਕਾਇਰਾਨਾ ਰਾਹ ਛੱਡਣ। ਸੱਚ ਬੋਲਣ 'ਤੇ ਪਹਿਲਾਂ ਅੰਮ੍ਰਿਤਸਰ ਦੇ ਵਿਧਾਇਕ ਨੂੰ ਬਾਹਰ ਦਾ ਰਸਤਾ ਦਿਖਾਇਆ ਗਿਆ ਅਤੇ ਹੁਣ ਮਾਈਸਰਖਾਨਾ ਦੀ ਬਲੀ ਲਈ ਗਈ ਹੈ। 'ਆਪ' ਦਾ ਸ਼ੁਰੂਆਤੀ ਏਜੰਡਾ ਸਰਕਾਰਾਂ ਦੀ ਜਵਾਬਦੇਹੀ ਸੀ, ਪਰ ਅੱਜ ਦਿੱਲੀ ਹਾਈਕਮਾਂਡ ਦੇ ਇਸ਼ਾਰਿਆਂ 'ਤੇ ਨੱਚ ਰਹੀ ਪੰਜਾਬ ਸਰਕਾਰ ਵਿੱਚ ਜਵਾਬਦੇਹੀ ਤਾਂ ਦੂਰ, ਸਵਾਲ ਪੁੱਛਣ ਦੀ ਵੀ ਮਨਾਹੀ ਹੈ; ਸਿਰਫ਼ ਅੰਨ੍ਹੀ ਗੁਲਾਮੀ ਦੀ ਥਾਂ ਹੈ। ਇਹ 'ਆਮ ਆਦਮੀ ਪਾਰਟੀ' ਦੇ ਅੰਦਰਲੇ ਲੋਕਤੰਤਰ ਦੀ ਸਭ ਤੋਂ ਵੱਡੀ ਵਿਡੰਬਨਾ ਹੈ।

**ਸਿੱਖਿਆ ਕ੍ਰਾਂਤੀ ਦੇ ਨਾਂ 'ਤੇ ਝੂਠ ਦਾ ਢੋਲ ਵਜਾਉਣ ਵਾਲੀ ਮਾਨ ਸਰਕਾਰ ਦਾ ਨਿਕਲਿਆ ਦੀਵਾਲੀਆ**

ਭਾਜਪਾ ਆਗੂ ਨੇ ਦੋ-ਟੁੱਕ ਚੇਤਾਵਨੀ ਦਿੱਤੀ ਕਿ ਚੁਣੇ ਹੋਏ ਨੁਮਾਇੰਦਿਆਂ ਨੂੰ ਡਰਾ ਕੇ ਜਾਂ ਮੁਅੱਤਲ ਕਰਕੇ ਲੋਕਾਂ ਦੀਆਂ ਸਮੱਸਿਆਵਾਂ ਨਹੀਂ ਦਬਾਈਆਂ ਜਾ ਸਕਦੀਆਂ। ਜੇਕਰ ਸਰਕਾਰ ਆਪਣੇ ਹੀ ਵਿਧਾਇਕਾਂ ਦੀ ਆਵਾਜ਼ ਕੁਚਲ ਰਹੀ ਹੈ, ਤਾਂ ਆਮ ਪੰਜਾਬੀ ਨਾਲ ਇਨ੍ਹਾਂ ਦੇ ਧੱਕੇ ਦੀ ਹੱਦ ਕੀ ਹੋਵੇਗੀ, ਇਹ ਸਾਫ਼ ਨਜ਼ਰ ਆ ਰਿਹਾ ਹੈ। ਪੰਜਾਬ ਦੇ ਲੱਖਾਂ ਗ਼ਰੀਬ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੀ ਇਸ ਨਿਕੰਮੀ ਸਰਕਾਰ ਨੂੰ ਸੂਬੇ ਦੇ ਲੋਕ ਸਬਕ ਸਿਖਾਉਣ ਲਈ ਪੂਰੀ ਤਰ੍ਹਾਂ ਤਿਆਰ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਆਲੋਚਨਾ ਸੁਣਨ ਦਾ ਜੇਰਾ ਰੱਖਣ ਅਤੇ ਵਿਧਾਇਕਾਂ ਨੂੰ ਮੁਅੱਤਲ ਕਰਨ ਦੀ ਬਜਾਏ ਪੰਜਾਬ ਦੇ ਸਕੂਲਾਂ ਵਿੱਚ ਖਾਲੀ ਪਈਆਂ ਹਜ਼ਾਰਾਂ ਅਧਿਆਪਕਾਂ ਦੀਆਂ ਅਸਾਮੀਆਂ ਤੁਰੰਤ ਭਰਨ, ਨਹੀਂ ਤਾਂ ਪੰਜਾਬ ਦੇ ਜਾਗਰੂਕ ਲੋਕ ਇਸ ਤਾਨਾਸ਼ਾਹੀ ਅਤੇ ਸਿੱਖਿਆ ਨਾਲ ਕੀਤੇ ਜਾ ਰਹੇ ਧ੍ਰੋਹ ਦਾ ਜਵਾਬ ਸਿਆਸੀ ਮੈਦਾਨ ਵਿੱਚ ਜ਼ਰੂਰ ਦੇਣਗੇ। ਪੰਜਾਬ ਦੇ ਲੋਕ ਹੁਣ ਸਰਕਾਰ ਦੇ ਦਾਅਵਿਆਂ ਅਤੇ ਜ਼ਮੀਨੀ ਹਕੀਕਤ ਵਿਚਲਾ ਫ਼ਰਕ ਬਾਖ਼ੂਬੀ ਸਮਝ ਰਹੇ ਹਨ ਅਤੇ ਆਉਣ ਵਾਲੀਆਂ ਚੋਣਾਂ ਵਿੱਚ ਇਸ ਦਾ ਮੂੰਹ-ਤੋੜ ਜਵਾਬ ਦੇਣਗੇ।

### ਸੂਬੇ 'ਚ ਨਸ਼ਿਆਂ ਦੇ ਕੋਹੜ ਨੂੰ ਜੜ੍ਹੋਂ ਖ਼ਤਮ ਕਰਨ ਲਈ

# ਮਾਨ ਸਰਕਾਰ ਯਤਨਸ਼ੀਲ : ਸਰਪੰਚ ਹਲਕਾ ਧੂਰੀ












**ਧੂਰੀ ( ਰਣਜੀਤ ਸਿੰਘ ਪੇਧਨੀ )**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਸੂਬੇ 'ਚ ਵੱਗ ਰਹੇ ਨਸ਼ਿਆਂ ਦੇ ਹੜ੍ਹ ਨੂੰ ਜੜ੍ਹੋਂ ਖ਼ਤਮ ਕਰਨ ਲਈ ਪੂਰੀ ਤਰ੍ਹਾਂ ਯਤਨਸ਼ੀਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਪੰਚ ਅੰਮ੍ਰਿਤ ਚਹਿਲ ਘਨੌਰੀ ਮੈਂਬਰ ਜਿਲ੍ਹਾ ਪ੍ਰੀਸ਼ਦ, ਸਰਪੰਚ ਮਨਪ੍ਰੀਤ ਸ਼ਰਮਾ ਜਹਾਂਗੀਰ, ਸਰਪੰਚ ਅਮਰੀਕ ਸਿੰਘ ਕਿਲਾ ਹਕੀਮਾਂ, ਸਰਪੰਚ ਜਗਰੂਪ ਸਿੰਘ ਕੌਲਸੇੜੀ, ਸਰਪੰਚ ਕਰਮਜੀਤ ਸਿੰਘ ਬਰੜਵਾਲ, ਸਰਪੰਚ ਸਿਮਰਨਜੀਤ ਸਿੰਘ ਬਟੂਹਾ, ਸਰਪੰਚ ਹਰਪ੍ਰੀਤ ਸਿੰਘ ਖੇੜੀ ਜੱਟਾਂ, ਸਰਪੰਚ ਬਲਵੀਰ ਸਿੰਘ ਈਸੀ, ਸਰਪੰਚ ਜਸਵੀਰ ਦਾਸ ਢਢੋਗਲ ਅਤੇ ਸਰਪੰਚ ਦਲਵੀਰ ਸਿੰਘ ਧੰਦੀਵਾਲ ਨੇ ਸਾਂਝੇ ਤੌਰ 'ਤੇ ਕੀਤਾ। ਸਰਪੰਚਾਂ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਕਥਿਤ ਸ਼ਿਹ ਨਾਲ ਪੰਜਾਬ 'ਚ ਫੈਲੇ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਆਮ ਆਦਮੀ ਪਾਰਟੀ ਵੱਲੋਂ ਅਹਿਦ ਲਿਆ ਗਿਆ ਸੀ। ਇਸੇ ਤਹਿਤ ਮਾਨ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਲਗਾਤਾਰ ਕਾਰਵਾਈਆਂ। ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮੁਹਿੰਮ ਦੇ 19 ਮਹੀਨੇ ਬੀਤ ਜਾਣ 'ਤੇ 81,107 ਨਸ਼ਾ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ ਕਰ ਕੇ 63,616 ਨਸ਼ਾ ਤਸਕਰਾਂ 'ਤੇ ਐੱਫਆਈਆਰ ਦਰਜ ਕੀਤੀਆਂ ਜਾ ਚੁੱਕੀਆਂ ਹਨ। ਇਸੇ ਤਰ੍ਹਾਂ 4,161 ਕਿਲੋ ਹੈਰੋਇਨ, 65.75 ਲੱਖ ਨਸ਼ੀਲੀਆਂ ਗੋਲੀਆਂ ਅਤੇ 22.2 ਕਰੋੜ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਵੱਲੋਂ ਉਸਾਰੀਆਂ ਨਾਜਾਇਜ਼ ਇਮਾਰਤਾਂ ਨੂੰ ਵੀ ਢਹਿ-ਢੇਰੀ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਅੰਕੜੇ ਮਾਨ ਸਰਕਾਰ ਵੱਲੋਂ ਜ਼ਮੀਨੀ ਪੱਧਰ 'ਤੇ ਨਸ਼ਿਆਂ ਖ਼ਿਲਾਫ਼ ਕੀਤੀ ਜਾ ਰਹੀ ਕਾਰਵਾਈ ਦੀ ਗਵਾਹੀ ਭਰਦੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਨਸ਼ਾ ਤਸਕਰਾਂ 'ਤੇ ਕਾਰਵਾਈ ਕਰਨਾ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ 'ਕੱਢ ਕੇ ਉਨ੍ਹਾਂ ਨੂੰ ਮੁੜ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਵੱਲ ਲੈ ਕੇ ਆਉਣਾ ਵੀ ਹੈ। ਉਨ੍ਹਾਂ ਕਿਹਾ ਜਾਂਦਾ ਕਿ ਪੀੜਤ ਨੌਜਵਾਨਾਂ ਲਈ ਨਸ਼ਾ ਛੁਡਾਊ ਕੇਂਦਰਾਂ, ਕੌਂਸਲਿੰਗ ਅਤੇ ਪੁਨਰਵਾਸ ਕੇਂਦਰਾਂ ਰਾਹੀਂ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ। ਇਸ ਦੇ ਨਾਲ ਹੀ ਨੌਜਵਾਨਾਂ ਨੂੰ ਆਪਣੀ ਨਵੀਂ ਜ਼ਿੰਦਗੀ ਦੀ ਸ਼ੁਰੂਆਤ ਕਰਨ ਲਈ ਹੁਨਰ ਵਿਕਾਸ ਕੇਂਦਰਾਂ ਵਿੱਚ ਸਿਖਲਾਈ ਅਤੇ ਖੇਡਾਂ ਨਾਲ ਜੋੜਨ ਦੇ ਉਪਰਾਲੇ ਵੀ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਖ਼ਿਲਾਫ਼ ਵਿੱਢੀ ਇਸ ਲੜਾਈ ਨੂੰ ਲੋਕਾਂ ਦੇ ਸਹਿਯੋਗ ਨਾਲ ਹੋਰ ਮਜ਼ਬੂਤ ਕਰਕੇ ਪੰਜਾਬ ਨੂੰ ਨਸ਼ਾ-ਮੁਕਤ ਬਣਾਉਣ ਵੱਲ ਅੱਗੇ ਵਧਿਆ ਜਾ ਸਕਦਾ ਹੈ।

# 'ਮਾਵਾਂ-ਧੀਆਂ ਸਤਿਕਾਰ ਯੋਜਨਾ' ਨਾਲ ਹਜ਼ਾਰਾਂ ਔਰਤਾਂ ਨੂੰ ਮਿਲਿਆ ਲਾਭ: ਚੇਅਰਮੈਨ ਕਾਂਝਲਾ, ਕਰਮਜੀਤ ਸਿੰਘ ਕਾਂਝਲਾ




**ਧੂਰੀ ( ਰਣਜੀਤ ਸਿੰਘ ਪੇਧਨੀ )**-'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਦੂਜੀ ਕਿਸ਼ਤ ਜਾਰੀ ਹੋਣ 'ਤੇ ਪੰਜਾਬ ਦੀਆਂ ਔਰਤਾਂ ਵਿੱਚ ਖ਼ੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ। ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਯੋਧ ਸਿੰਘ ਕਾਂਝਲਾ ਅਤੇ ਉੱਘੇ ਸਮਾਜ ਸੇਵੀ ਕਰਮਜੀਤ ਸਿੰਘ ਕਾਂਝਲਾ ਨੇ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਭਲਾਈ ਲਈ ਕੀਤੇ ਜਾ ਰਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਸ ਯੋਜਨਾ ਰਾਹੀਂ ਔਰਤਾਂ ਨੂੰ ਆਰਥਿਕ ਸਹਾਇਤਾ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਸਨਮਾਨ ਤੇ ਆਤਮ-ਨਿਰਭਰਤਾ ਨੂੰ ਵੀ ਮਜ਼ਬੂਤੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਦੂਜੀ ਕਿਸ਼ਤ ਜਾਰੀ ਹੋਣ ਨਾਲ ਲਾਭਪਾਤਰੀ ਔਰਤਾਂ ਨੂੰ ਸਿੱਧਾ ਆਰਥਿਕ ਸਹਿਯੋਗ ਪ੍ਰਾਪਤ ਹੋਇਆ ਹੈ। ਧੂਰੀ ਹਲਕੇ ਦੀਆਂ ਹਜ਼ਾਰਾਂ ਔਰਤਾਂ ਨੂੰ ਇਸ ਯੋਜਨਾ ਦਾ ਸਿੱਧਾ ਲਾਭ ਮਿਲ ਰਿਹਾ ਹੈ ਤੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਸਨਮਾਨ ਰਾਸ਼ੀ ਪਹੁੰਚ ਰਹੀ ਹੈ। ਉਨਾ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਸੁੱਖੀ ਨੇ ਜਿਸ ਦਿਨ ਦੀ ਧੂਰੀ ਹਲਕੇ ਦੀ ਕਮਾਨ ਸੰਭਾਲੀ ਹੈ ਉਸ ਦਿਨ ਤੋਂ ਲੈ ਕੇ ਹਲਕੇ ਦੇ ਪੰਚਾਂ, ਸਰਪੰਚਾਂ, ਕਲੱਬਾਂ ਦੇ ਆਗੂਆਂ ਨੂੰ ਨਾਲ ਲੈ ਕੇ ਚੱਲ ਰਹੇ ਹਨ । ਧੂਰੀ ਹਲਕੇ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੀਡ ਨੂੰ ਦੁਗਣਾ ਕਰਨ ਲਈ ਦਿਨ ਰਾਤ ਮਿਹਨਤ ਕਰ ਰਹੇ ਹਨ।

# ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ ਬੀ ਐਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਖੇਡਾਂ ਵਿੱਚ ਬੱਚਿਆਂ ਨੂੰ ਅਸ਼ੀਰਵਾਦ ਦੇਣ ਲਈ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਪਾਉਂਚੇ



**ਚੌਂਕ ਮਹਿਤਾ, 5 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੁੱਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਦੀ ਅਗਵਾਈ ਹੇਠ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ ਬੀ ਐਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਵਿੱਚ ਬੱਚਿਆਂ ਨੂੰ ਅਸ਼ੀਰਵਾਦ ਦਿੰਦੇ ਹੋਏ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਇਸ ਮੌਕੇ ਤੇ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਕਿਹਾ ਕਿ ਇਹ ਬਹੁਤ ਵੱਡਾ ਉਪਰਾਲਾ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਦਾ ਕਿ ਦੇਸ਼ਾਂ ਵਿਦੇਸ਼ਾਂ ਤੋਂ ਬੱਚੀਆਂ ਖਾਲਸਾ ਅਕੈਡਮੀ ਦੀ ਗਰਾਊਂਡ ਵਿੱਚ ਖੇਡਣ ਲਈ ਇਹ ਇੱਕ ਸਾਰੇ ਦੇਸ਼ ਵਿਦੇਸ਼ਾਂ ਵਿੱਚ ਚੰਗਾ ਮੈਸੇਜ ਜਾਏਗਾ ਉਨਾ ਨੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਤੇ ਪ੍ਰਿਸੀਪਲ ਜਤਿੰਦਰ ਸ਼ਰਮਾ,ਪ੍ਰਿਸੀਪਲ ਗੁਰਦੀਪ ਸਿੰਘ ਰੰਧਾਵਾ ਜਲਾਲ,ਪ੍ਰਿਸੀਪਲ ਹਰਸ਼ਦੀਪ ਸਿੰਘ ਰੰਧਾਵਾ, ਕੋਚ ਬਲਜਿੰਦਰ ਸਿੰਘ,ਅਵੀਨਾਸ਼ ਗਰੋਵਰ, ਅਜ਼ੀਤ ਸਿੰਘ ਮਹਿਤਾ, ਅਤੇ ਹੋਰ ਬਹੁਤ ਸਾਰੇ ਆਗੂ ਹਾਜਰ ਸਨ।

# ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਪ੍ਰਗਟ ਸਿੰਘ ਨੂੰ ਕਾਂਗਰਸ ਦੇ ਪ੍ਰਧਾਨ ਬਣਨ 'ਤੇ ਦਿੱਤੀ ਮੁਬਾਰਕਬਾਦ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ੍, ਪ੍ਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤੇ ਜਾਣ ਤੇ ਵਿਧਾਨ ਸਭਾ ਹਲਕਾ ਧੂਰੀ ਤੋਂ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਮੁਬਾਰਕਵਾਦ ਦਿੰਦਿਆਂ ਕਿਹਾ ਕਿ ਪਰਗਟ ਸਿੰਘ ਦੇ ਪ੍ਰਧਾਨ ਬਣਨ ਨਾਲ ਕਾਂਗਰਸੀ ਵਰਕਰਾਂ ਅਹੁਦੇਦਾਰਾਂ ਅਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਹੈ ਪਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰਗਟ ਸਿੰਘ ਦੇ ਸਿਰ ਹੁਣ ਇੱਕ ਵੱਡੀ ਜਿੰਮੇਵਾਰੀ ਆ ਪਈ ਹੈ। ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਸਿਰ ਤੇ ਹਨ। ਇਸ ਲਈ ਲੋਕਾਂ ਵਿੱਚ ਦਿਨ ਰਾਤ ਵਿਚਰ ਕੇ ਉਹਨਾਂ ਨੂੰ ਕਾਂਗਰਸ ਦੀਆਂ ਨੀਤੀਆਂ ਤੋਂ ਜਾਣੂੰ ਕਰਵਾਉਣ ਅਤੇ ਬਾਕੀ ਪਾਰਟੀਆਂ ਦੀਆਂ ਖਾਮੀਆਂ ਉਹਨਾਂ ਦੇ ਸਾਹਮਣੇ ਲਿਆਉਣ ਦੀ ਲੋੜ ਹੈ, ਤਾਂ ਕਿ ਪੰਜਾਬ ਦੇ ਲੋਕ ਇਹ ਸਮਝ ਸਕਣ ਕਿ ਪੰਜਾਬ ਦਾ ਵਿਕਾਸ ਸਿਰਫ ਕਾਂਗਰਸ ਦੀ ਕਰਵਾ ਸਕਦੀ ਹੈ। ਉਹਨਾਂ ਕਿਹਾ ਮ ਕਿ ਆਮ ਆਦਮੀ ਪਾਰਟੀ ਦੇ ਰਾਜ ਵਿੱਚ ਕਿਸਾਨ, ਮਜ਼ਦੂਰ, ਮੁਲਾਜ਼ਮ ਅਤੇ ਵਪਾਰੀ ਸਮੇਤ ਹਰ ਵਰਗ ਦੁਖੀ ਹੈ। ਅਕਾਲੀ ਭਾਜਪਾ ਦੇ ਰਾਜ ਵਿੱਚ ਵੀ ਪੰਜਾਬ ਦੀ ਆਰਥਿਕ ਹਾਲਤ ਨੂੰ ਕਾਫੀ ਖੋਰਾ ਲੱਗਿਆ ਹੈ। ਉਨ੍ਹਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆ ਰਹੀਆਂ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਕਾਂਗਰਸ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਦੇ ਫਰਕ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣ ਤਾਂ ਜੋ ਪੰਜਾਬ ਨੂੰ ਮੁੜ ਵਿਕਾਸ ਦੀਆਂ ਲੀਹਾਂ 'ਤੇ ਲਿਆਂਦਾ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ-ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਅਤੇ
ਧੰਨ-ਧੰਨ ਮਾਤਾ ਸਹਿਬ ਕੌਰ ਜੀ ਦੇ ਜਨਮ ਦਿਵਸ ਨੂੰ ਸਮਰਪਿਤ

# 30ਵਾਂ
# ਸਲਾਨਾ ਗੁਰਮਤਿ ਸਮਾਗਮ



ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਗੁਰਦੁਆਰਾ ਸ਼ਹੀਦਾਂ, ਪਿੰਡ ਜੱਸੋਵਾਲ (ਬੀਹੜਾਂ)

(ਬੱਕਰਾਂ ਦੇ ਹਾਈ ਕੋਰਟ)

**ਮਿਤੀ 1 ਨਵੰਬਰ 2026 ਦਿਨ ਐਤਵਾਰ**
**ਨੂੰ ਸ਼੍ਰੀ ਅਖੰਡ ਪਾਠ ਸਾਹਿਬਾਂ ਜੀ ਦੇ ਭੋਗ ਉਪਰੰਤ ਦੀਵਾਨ ਸਜਣਗੇ।**

ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਨਿਰਮਲੇ, ਉਦਾਸੀ, ਧਾਰਮਿਕ, ਸੰਯੁਕਤ ਕਿਸਾਨ ਮੋਰਚੇ ਦੇ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਪੰਥਕ ਅਕਾਲੀ ਦਲ ਭਾਰਤ ਅਤੇ ਯੂ.ਕੇ. ਦੇ ਸਮੂਹ ਅਹੁਦੇਦਾਰ, ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ। ਸਭ ਨੂੰ ਬੇਨਤੀ ਹੈ ਕਿ ਪਰਿਵਾਰਾਂ ਸਮੇਤ ਵੱਧ ਤੋਂ ਵੱਧ ਸੰਗਤਾਂ ਲੈ ਕੇ ਸਮਾਗਮਾਂ ਵਿੱਚ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

ਆਵਾਜ਼ਿ ਕੌਮ AWAZE QAUM International Newspaper & WEB TV

**ਗੁਰੂ ਦੇ ਲੰਗਰ ਅਤੇ ਚਾਹ-ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।**



**30 ਅਕਤੂਬਰ 2026 ਦਿਨ ਸ਼ੁੱਕਰਵਾਰ**

ਅਰੰਭ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

**1 ਨਵੰਬਰ 2026 ਦਿਨ ਐਤਵਾਰ ਨੂੰ**

ਭੋਗ ਸ੍ਰੀ ਅਖੰਡ ਪਾਠ ਸਾਹਿਬ 10-00 ਵਜੇ ਸਵੇਰੇ

ਖੁੱਲ੍ਹੇ ਪੰਡਾਲ ਵਿੱਚ ਸਵੇਰੇ 10-00 ਵਜੇ ਤੋਂ ਸ਼ਾਮ 3-00 ਵਜੇ ਤੱਕ ਦੀਵਾਨ ਸਜਣਗੇ।

ਨੋਟ :- 20 ਅਕਤੂਬਰ ਤੋਂ 1 ਨਵੰਬਰ ਤੱਕ 13 ਦਿਨ ਸਮਾਗਮ ਚੱਲੇਗਾ।



## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਮੁੱਖ ਬੁਲਾਰਾ ਅੰਤਰਰਾਸ਼ਟਰੀ ਪੰਥਕ ਅਕਾਲੀ ਦਲ
ਮੈਂਬਰ ਐਸ.ਜੀ.ਪੀ.ਸੀ.
ਮੋ: 98141-27470, 73408-35137

ਜਾਰੀ ਕਰਤਾ :- ਜਰਨੈਲ ਸਿੰਘ ਢਿੱਲੋਂ, 84278-66404

**ਯਾਦਗਾਰੀ ਹੋ ਨਿੱਬੜਿਆ**

# ਨਿੱਕੇ ਘੁੰਮਣ ਦਾ ਚੌਥਾ ਗੋਲਡ ਕਬੱਡੀ ਕੱਪ










**ਚੌਕ ਮਹਿਤਾ,5 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਧੰਨ ਧੰਨ ਬ੍ਰਹਮ ਗਿਆਨੀ ਸੰਤ ਬਾਬਾ ਹਜ਼ਾਰਾ ਸਿੰਘ ਜੀ ਨਿੱਕੇ ਘੁੰਮਣ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ ਸੰਤ ਬਾਬਾ ਬੁੱਧ ਸਿੰਘ ਮੁੱਖੀ ਗੁਰਦੁਆਰਾ ਅੰਗੀਠਾ ਸਾਹਿਬ ਨਿੱਕੇ ਘੁੰਮਣਾ ਦੀ ਅਗਵਾਈ ਹੇਠ ਅਤੇ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਨਿਗਰਾਨੀ ਹੇਠ ਚੌਥਾ ਗੋਲਡ ਕਬੱਡੀ ਕੱਪ ਬੜੀ ਹੀ ਚੜ੍ਹਦੀ ਕਲਾ ਅਤੇ ਸ਼ਾਨੋ-ਸ਼ੌਕਤ ਨਾਲ ਯਾਦਗਾਰੀ ਹੋ ਨਿੱਬੜਿਆ।ਗੁਰਦੁਆਰਾ ਸ੍ਰੀ ਅੰਗੀਠਾ ਸਾਹਿਬ, ਨਿੱਕੇ ਘੁੰਮਣ ਦੇ ਖੇਡ ਮੈਦਾਨ ਵਿੱਚ ਕਰਵਾਏ ਗਏ ਇਸ ਖੇਡ ਮੇਲੇ ਵਿੱਚ ਨਾਮਵਰ ਅੰਤਰਰਾਸ਼ਟਰੀ ਕਬੱਡੀ ਖਿਡਾਰੀਆਂ, ਪ੍ਰਮੋਟਰਾਂ ਅਤੇ ਖੇਡ ਜਗਤ ਦੀਆਂ ਉੱਘੀਆਂ ਸ਼ਖ਼ਸੀਅਤਾਂ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਖੇਡ ਮੇਲੇ ਦੌਰਾਨ ਪਹਿਲਾ ਇਨਾਮ 1.50 ਲੱਖ ਰੁਪਏ, ਦੂਜਾ ਇਨਾਮ 1.25 ਲੱਖ ਰੁਪਏ, ਪਾਰਟੀਸਿਪੇਟ ਕਰਨ ਵਾਲੀਆਂ ਟੀਮਾਂ ਨੂੰ 1-1 ਲੱਖ ਰੁਪਏ ਅਤੇ ਬੈਸਟ ਰੇਡਰ ਤੇ ਬੈਸਟ ਜਾਫੀ ਨੂੰ 1-1 ਲੱਖ ਰੁਪਏ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਇਲਾਵਾ ਲੱਖਾਂ ਰੁਪਏ ਦੀਆਂ ਹੋਰ ਇਨਾਮੀ ਰਾਸ਼ੀਆਂ ਦੇ ਨਾਲ ਬੁਲੇਟ ਮੋਟਰਸਾਈਕਲ, ਹਾਰਲੇ-ਡੇਵਿਡਸਨ ਮੋਟਰਸਾਈਕਲ ਅਤੇ ਹੋਰ ਵੱਡੇ ਇਨਾਮਾਂ ਨਾਲ ਖਿਡਾਰੀਆਂ ਤੇ ਨਾਮਵਰ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਕਰਕੇ ਖੇਡਾਂ ਨਾਲ ਜੋੜਨ ਲਈ ਬਾਬਾ ਬੁੱਧ ਸਿੰਘ ਜੀ,ਮੁਖੀ ਸੰਪਰਦਾਇ ਨਿੱਕੇ ਘੁੰਮਣ ਅਤੇ ਐਡਵੋਕੇਟ ਲੋਕਦੀਪ ਸਿੰਘ ਘੁੰਮਣ ਵੱਲੋਂ ਕੀਤਾ ਗਿਆ ਇਹ ਉਪਰਾਲਾ ਬੇਹੱਦ ਸ਼ਲਾਘਾਯੋਗ ਰਿਹਾ। ਇਸ ਯਾਦਗਾਰੀ ਖੇਡ ਮੇਲੇ ਨੂੰ ਸਫਲ ਬਣਾਉਣ ਲਈ ਸਮੂਹ ਖਿਡਾਰੀਆਂ, ਸੇਵਾਦਾਰਾਂ, ਸਹਿਯੋਗੀਆਂ, ਪ੍ਰਮੋਟਰਾਂ ਅਤੇ ਕਬੱਡੀ ਪ੍ਰੇਮੀਆਂ ਦਾ ਦਿਲੋਂ ਧੰਨਵਾਦ।

ਖੇਡਾਂ ਨਾਲ ਜੁੜੀਏ — ਨਸ਼ਿਆਂ ਤੋਂ ਦੂਰ ਰਹੀਏ।

ਆਵਾਜ਼ਿ ਕੌਮ AWAZE QAUM International Newspaper & WEB TV

# ਦਮਦਮੀ ਟਕਸਾਲ ਵੱਲੋਂ ਸੇਵਕ ਜਥੇ ਦਾ ਵਿਸਥਾਰ, ਭਾਈ ਸਤਵਿੰਦਰ ਸਿੰਘ ਬਣੇ ਫ਼ਤਿਹਗੜ੍ਹ ਸਾਹਿਬ ਦੇ ਜ਼ਿਲ੍ਹਾ ਪ੍ਰਧਾਨ



**ਫਿਰੋਜ਼ਪੁਰ 4 ਅਕਤੂਬਰ (ਮਨੋਹਰ ਲਾਲ)**-ਮਹਾਂਪੁਰਖ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ (ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ) ਦੇ ਦਿਸ਼ਾ-ਨਿਰਦੇਸ਼ਾਂ ਅਤੇ ਆਗਿਆ ਨਾਲ ਗੁਰਦੁਆਰਾ ਜੋਤੀ ਸਰੂਪ ਫ਼ਤਿਹਗੜ੍ਹ ਸਾਹਿਬ ਵਿਖੇ ਇੱਕ ਵਿਸ਼ੇਸ਼ ਧਾਰਮਿਕ ਅਤੇ ਸੰਗਠਨਾਤਮਕ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਦਮਦਮੀ ਟਕਸਾਲ ਚੌਂਕ ਮਹਿਤਾ ਤੋਂ ਪਹੁੰਚੇ ਜਥੇਦਾਰ ਗਿਆਨੀ ਸੁਖਦੇਵ ਸਿੰਘ ਖਾਲਸਾ (ਮੁੱਖ ਬੁਲਾਰਾ, ਦਮਦਮੀ ਟਕਸਾਲ) ਨੇ ਦਮਦਮੀ ਟਕਸਾਲ ਸੇਵਕ ਜਥੇ ਦਾ ਵਿਸਥਾਰ ਕਰਦਿਆਂ ਨਵੀਆਂ ਨਿਯੁਕਤੀਆਂ ਦਾ ਰਸਮੀ ਐਲਾਨ ਕੀਤਾ। ਇਸ ਸੰਗਠਨਾਤਮਕ ਵਿਸਥਾਰ ਦੌਰਾਨ ਭਾਈ ਸਤਵਿੰਦਰ ਸਿੰਘ ਨੂੰ ਜ਼ਿਲ੍ਹਾ ਫ਼ਤਿਹਗੜ੍ਹ ਸਾਹਿਬ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਤੋਂ ਇਲਾਵਾ ਜਥੇ ਦੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਅਤੇ ਧਰਮ ਪ੍ਰਚਾਰ ਦੀ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਜਨਰਲ ਸਕੱਤਰ,ਮੁੱਖ ਬੁਲਾਰੇ ਅਤੇ ਹੋਰ ਕਈ ਮਹੱਤਵਪੂਰਨ ਅਹੁਦੇਦਾਰਾਂ ਨੂੰ ਵੀ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ।ਸਮਾਗਮ ਦੌਰਾਨ ਮੁੱਖ ਤੌਰ 'ਤੇ ਪਰਸ਼ੋਤਮ ਸਿੰਘ, ਗੁਰਸੇਵਕ ਸਿੰਘ, ਹਰਜਿੰਦਰ ਸਿੰਘ, ਅਜੀਤ ਸਿੰਘ ਸਮੇਤ ਹੋਰ ਕਈ ਮੁੱਖ ਆਗੂ, ਸੇਵਾਦਾਰ ਅਤੇ ਧਾਰਮਿਕ ਸ਼ਖਸੀਅਤਾਂ ਹਾਜ਼ਰ ਸਨ। ਇਸ ਮੌਕੇ ਹਾਜ਼ਰ ਸੰਗਤਾਂ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਆਪਣੀ ਨਿਯੁਕਤੀ ਤੋਂ ਬਾਅਦ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਭਾਈ ਸਤਵਿੰਦਰ ਸਿੰਘ ਨੇ ਦਮਦਮੀ ਟਕਸਾਲ ਦੀ ਹਾਈਕਮਾਂਡ ਦਾ ਧੰਨਵਾਦ ਪ੍ਰਗਟ ਕੀਤਾ। ਉਨ੍ਹਾਂ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਦਮਦਮੀ ਟਕਸਾਲ ਵੱਲੋਂ ਮੈਨੂੰ ਜੋ ਇਹ ਜ਼ਿੰਮੇਵਾਰੀ ਅਤੇ ਸੇਵਾ ਸੌਂਪੀ ਗਈ ਹੈ, ਮੈਂ ਉਸ ਨੂੰ ਪੂਰੀ ਨਿਸ਼ਠਾ, ਲਗਨ ਅਤੇ ਇਮਾਨਦਾਰੀ ਨਾਲ ਨਿਭਾਵਾਂਗਾ। ਮੇਰਾ ਹਮੇਸ਼ਾ ਇਹੋ ਯਤਨ ਰਹੇਗਾ ਕਿ ਸਿੱਖ ਸਿਧਾਂਤਾਂ ਅਤੇ ਪੰਥ ਦੀ ਸੇਵਾ ਲਈ ਸਮਰਪਿਤ ਹੋ ਕੇ ਕਾਰਜ ਕਰਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਜ਼ਿਲਾ ਸੰਗਰੂਰ ਸ਼ਤਰੰਜ ਚੈਂਪੀਅਨਸ਼ਿਪ ਵਿੱਚੋਂ ਪਰਵਾਜ਼ ਭੰਡਾਰੀ ਨੇ ਜਿਤਿਆ ਗੋਲਡ ਮੈਡਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਕਰਵਾਈਆਂ ਜਾ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ ਧੂਰੀ ਦੇ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਦੇ ਨੌਵੀਂ ਜਮਾਤ ਦੇ ਵਿਦਿਆਰਥੀ ਪਰਵਾਜ਼ ਭੰਡਾਰੀ ਨੇ ਸ਼ਤਰੰਜ ਚੈਂਪੀਅਨਸ਼ਿਪ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਪੰਜਾਬ ਰਾਜ ਪੱਧਰੀ ਮੁਕਾਬਲਿਆਂ ਵਿੱਚ ਆਪਣੀ ਜਗ੍ਹਾ ਬਣਾ ਲਈ ਹੈ। ਇਸ ਹੋਣਹਾਰ ਵਿਦਿਆਰਥੀ ਨੇ ਅੰਡਰ 17 ਮੁਕਾਬਲੇ ਵਿੱਚ ਭਾਗ ਲਿਆ ਜਦੋਂ ਕਿ ਇਸ ਦੀ ਉਮਰ 13 ਸਾਲ ਦੀ ਹੈ। ਇਸ ਪ੍ਰਾਪਤੀ ਨਾਲ ਸਕੂਲ ਅਤੇ ਮਾਪਿਆਂ ਦਾ ਸਤਿਕਾਰ ਵਧਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ

**ਅਵਨੀਤ ਕੌਰ ਰੰਧਾਵਾ**

ਪਿਤਾ ਸੁਖਵਿੰਦਰ ਸਿੰਘ ਰੰਧਾਵਾ

(ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

### ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਵੱਲੋਂ

# ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦੇ ਖਿਡਾਰੀਆਂ ਨਾਲ ਵਿਸ਼ੇਸ਼ ਮੁਲਾਕਾਤ


















**ਚੌਕ ਮਹਿਤਾ,4 ਅਕਤੂਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਕਰਵਾਈ ਜਾ ਰਹੀ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਤੀਜੇ ਦਿਨ ਦੀ ਸ਼ਾਮ ਨੂੰ ਕੈਬਨਟ ਮੰਤਰੀ ਪੰਜਾਬ ਸਰਦਾਰ ਹਰਭਜਨ ਸਿੰਘ ਈ.ਟੀ.ਓ. ਆਪਣੀ ਧਰਮ-ਪਤਨੀ ਮੈਡਮ ਸੁਹਿੰਦਰ ਕੌਰ ਆਪਣੇ ਪਰਿਵਾਰ ਸਮੇਤ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਪਹੁੰਚੇ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚਾਂ ਅਤੇ ਖਿਡਾਰੀਆਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਮੌਕੇ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਨੇ ਵੱਖ-ਵੱਖ ਕੋਚਾਂ ਨਾਲ ਨਿੱਜੀ ਤੌਰ 'ਤੇ ਗੱਲਬਾਤ ਕੀਤੀ ਅਤੇ ਖਾਲਸਾ ਅਕੈਡਮੀ ਵਿਖੇ ਉਨ੍ਹਾਂ ਦੇ ਠਹਿਰਨ, ਖਾਣ-ਪੀਣ ਅਤੇ ਹੋਰ ਪ੍ਰਬੰਧਾਂ ਸਬੰਧੀ ਮਿਲ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਹਾਸਲ ਕੀਤੀ। ਵੱਖ-ਵੱਖ ਸਕੂਲਾਂ ਤੋਂ ਆਏ ਕੋਚਾਂ ਅਤੇ ਖਿਡਾਰੀਆਂ ਨੇ ਖਾਲਸਾ ਅਕੈਡਮੀ ਦੀ ਮੈਨੇਜਮੈਂਟ, ਪ੍ਰਿੰਸੀਪਲ ਸਾਹਿਬਾਨ ਅਤੇ ਸਮੂਹ ਸਟਾਫ਼ ਵੱਲੋਂ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਖਾਲਸਾ ਅਕੈਡਮੀ ਵਿਖੇ ਉਨ੍ਹਾਂ ਨੂੰ ਰਹਿਣ ਅਤੇ ਖੇਡਾਂ ਸਬੰਧੀ ਬਹੁਤ ਵਧੀਆ ਸਹੂਲਤਾਂ ਮਿਲ ਰਹੀਆਂ ਹਨ ਅਤੇ ਉਹ ਇੱਥੇ ਬਹੁਤ ਹੀ ਆਨੰਦ ਨਾਲ ਰਹਿ ਰਹੇ ਹਨ। ਆਪਣੇ ਸੰਬੋਧਨ ਦੌਰਾਨ ਸਰਦਾਰ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਖਾਲਸਾ ਅਕੈਡਮੀ ਵਿੱਚ ਵੱਖ-ਵੱਖ ਸਕੂਲਾਂ ਅਤੇ ਰਾਜਾਂ ਤੋਂ ਆਏ ਬੱਚੇ ਇੱਕੋ ਥਾਂ 'ਤੇ ਰਹਿ ਕੇ ਹਾਕੀ ਦੀ ਸਿਖਲਾਈ ਅਤੇ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ। ਉਨ੍ਹਾਂ ਖਾਲਸਾ ਅਕੈਡਮੀ ਵੱਲੋਂ ਖਿਡਾਰੀਆਂ ਅਤੇ ਕੋਚਾਂ ਲਈ ਕੀਤੇ ਗਏ ਸ਼ਾਨਦਾਰ ਪ੍ਰਬੰਧਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਕੈਬਨਟ ਮੰਤਰੀ ਜੀ ਦੀ ਧਰਮ-ਪਤਨੀ ਨੇ ਵੀ ਖਿਡਾਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਵੱਖ-ਵੱਖ ਰਾਜਾਂ ਅਤੇ ਸਕੂਲਾਂ ਤੋਂ ਬੱਚੇ ਖਾਲਸਾ ਅਕੈਡਮੀ ਵਿਖੇ ਪਹੁੰਚ ਕੇ ਹਾਕੀ ਦੇ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ। ਇਸ ਉਪਰੰਤ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਅਤੇ ਉਨ੍ਹਾਂ ਦੀ ਧਰਮ-ਪਤਨੀ ਨੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਸਰਦਾਰ ਲਖਵਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਮਹਿਤਾ ਚੌਂਕ , ਹਾਕੀ ਕੋਚ ਸਰਦਾਰ ਬਲਜਿੰਦਰ ਸਿੰਘ, ਸਰਦਾਰ ਮਨਮੀਤ ਸਿੰਘ ਅਤੇ ਹੋਰ ਅਧਿਆਪਕ ਸਾਹਿਬਾਨ ਦੇ ਨਾਲ ਖਿਡਾਰੀਆਂ ਨਾਲ ਰਾਤ ਦਾ ਖਾਣਾ ਖਾਧਾ। ਇਸ ਮੌਕੇ ਉਨ੍ਹਾਂ ਨੇ ਹਾਕੀ ਗਰਾਊਂਡ ਦਾ ਵੀ ਦੌਰਾ ਕੀਤਾ ਅਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਬਾਹਰੋਂ ਆਏ ਹਾਕੀ ਕੋਚਾਂ ਅਤੇ ਖਿਡਾਰੀਆਂ ਨੇ ਖਾਲਸਾ ਅਕੈਡਮੀ ਦੇ ਹਾਕੀ ਕੋਚ ਸਰਦਾਰ ਮਨਮੀਤ ਸਿੰਘ ਦੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਸਰਦਾਰ ਮਨਮੀਤ ਸਿੰਘ ਹਰ ਸਮੇਂ ਖਿਡਾਰੀਆਂ ਅਤੇ ਕੋਚਾਂ ਦੀ ਸਹਾਇਤਾ ਲਈ ਹਾਜ਼ਰ ਰਹਿੰਦੇ ਹਨ ਅਤੇ ਉਨ੍ਹਾਂ ਵੱਲੋਂ ਕੀਤੀ ਜਾ ਰਹੀ ਸੇਵਾ ਬਹੁਤ ਹੀ ਸ਼ਲਾਘਾਯੋਗ ਹੈ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਸਰਦਾਰ ਲਖਵਿੰਦਰ ਸਿੰਘ, ਚੇਅਰਮੈਨ ਮਾਰਕੀਟ ਕਮੇਟੀ, ਮਹਿਤਾ ਚੌਂਕ, ਹਾਕੀ ਕੋਚ ਸਰਦਾਰ ਬਰਜਿੰਦਰ ਸਿੰਘ, ਸਰਦਾਰ ਮਨਮੀਤ ਸਿੰਘ, ਦਮਨਪ੍ਰੀਤ ਸਿੰਘ ਅਤੇ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚ ਸਾਹਿਬਾਨ ਵੱਲੋਂ ਕੈਬਨਟ ਮੰਤਰੀ ਸਰਦਾਰ ਹਰਭਜਨ ਸਿੰਘ ਈ.ਟੀ.ਓ. ਅਤੇ ਉਨ੍ਹਾਂ ਦੀ ਧਰਮ-ਪਤਨੀ ਦਾ ਸਕੂਲ ਪਹੁੰਚਣ 'ਤੇ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਈਮਾਨਦਾਰ ਫੂਡ ਸੇਫਟੀ ਅਫ਼ਸਰ ਅਭਿਨਵ ਖੋਸਲਾ ਦੀ ਮੁਅੱਤਲੀ ਵਿਰੁੱਧ ਰੋਸ, ਤੁਰੰਤ ਬਹਾਲੀ ਦੀ ਮੰਗ



**ਫਿਰੋਜ਼ਪੁਰ, 4 ਅਕਤੂਬਰ (ਮਨੋਹਰ ਲਾਲ)**-ਫਿਰੋਜ਼ਪੁਰ ਵਿੱਚ ਮਿਲਾਵਟਖੋਰੀ ਵਿਰੁੱਧ ਸਖ਼ਤ ਮੁਹਿੰਮ ਚਲਾਉਣ ਵਾਲੇ ਫੂਡ ਸੇਫਟੀ ਅਫ਼ਸਰ ਅਭਿਨਵ ਖੋਸਲਾ ਨੂੰ ਅਚਾਨਕ ਮੁਅੱਤਲ (ਸਸਪੈਂਡ) ਕੀਤੇ ਜਾਣ 'ਤੇ ਸ਼ਹਿਰ ਵਾਸੀਆਂ ਅਤੇ ਸਮਾਜਿਕ ਸੰਸਥਾਵਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਫਰੀਡਮ ਫਾਈਟਰਜ਼ ਉੱਤਰਾਧਿਕਾਰੀ ਸੰਸਥਾ (ਪੰਜਾਬ ਰਜਿਸਟਰਡ) ਫਿਰੋਜ਼ਪੁਰ ਦੇ ਆਗੂਆਂ ਨੇ ਸਰਕਾਰ ਦੇ ਇਸ ਫ਼ੈਸਲੇ ਨੂੰ ਸ਼ਰਮਨਾਕ ਦੱਸਦਿਆਂ ਪੁਰਜ਼ੋਰ ਮੰਗ ਕੀਤੀ ਹੈ ਕਿ ਅਭਿਨਵ ਖੋਸਲਾ ਨੂੰ ਤੁਰੰਤ ਬਹਾਲ ਕਰਕੇ ਦੁਬਾਰਾ ਫਿਰੋਜ਼ਪੁਰ ਵਿਖੇ ਹੀ ਤਾਇਨਾਤ ਕੀਤਾ ਜਾਵੇ। ਫਰੀਡਮ ਰਾਈਟਰਜ ਦੇ ਆਗੂਆਂਨੇ ਆਖਿਆ ਕਿ ਅਭਿਨਵ ਖੋਸਲਾ ਨੇ ਬਿਨਾਂ ਕਿਸੇ ਰਿਸ਼ਵਤਖੋਰੀ, ਦੇਰੀ ਜਾਂ ਸਿਆਸੀ ਸਿਫ਼ਾਰਿਸ਼ ਦੇ ਲੋਕ ਹਿੱਤ ਵਿੱਚ ਨਿਡਰ ਹੋ ਕੇ ਕੰਮ ਕੀਤਾ ਸੀ। ਉਨ੍ਹਾਂ ਨੇ ਫਿਰੋਜ਼ਪੁਰ ਤੋਂ ਇਲਾਵਾ ਮੋਗਾ, ਬਠਿੰਡਾ ਅਤੇ ਗੰਗਾਨਗਰ ਤੋਂ ਆਉਣ ਵਾਲੇ ਮਿਲਾਵਟਖੋਰਾਂ ਅੱਗੇ ਝੁਕਣ ਦੀ ਬਜਾਏ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਦਿਨ-ਰਾਤ ਮੁਹਿੰਮ ਚਲਾਈ। ਇਸ ਨਾਲ ਇਲਾਕੇ ਵਿੱਚ ਖਾਣ-ਪੀਣ ਦੀਆਂ ਵਸਤੂਆਂ ਵਿੱਚ ਮਿਆਰ ਅਤੇ ਸਾਫ਼-ਸਫ਼ਾਈ ਯਕੀਨੀ ਬਣੀ ਸੀ। ਆਗੂਆਂ ਨੇ ਕਿਹਾ ਕਿ ਅਜਿਹੇ ਇਮਾਨਦਾਰ ਅਫ਼ਸਰ ਨੂੰ ਸਨਮਾਨਿਤ ਕਰਨ ਦੀ ਬਜਾਏ ਬਿਨਾਂ ਕਿਸੇ ਠੋਸ ਕਾਰਨ ਦੇ ਮੁਅੱਤਲ ਕਰਕੇ ਘਰ ਭੇਜ ਦੇਣਾ ਬਹੁਤ ਹੀ ਅਫ਼ਸੋਸਜਨਕ ਹੈ। ਅਜਿਹਾ ਲੱਗਦਾ ਹੈ ਕਿ ਮਿਲਾਵਟੀ ਖ਼ੁਰਾਕੀ ਸਾਮਾਨ ਵੇਚਣ ਵਾਲਿਆਂ ਵਿਰੁੱਧ ਕਾਰਵਾਈ ਕਰਨ ਦੀ ਹੀ ਅਫ਼ਸਰ ਨੂੰ ਜ਼ਿਲ੍ਹੇ ਵਿੱਚੋਂ ਹਟਾ ਕੇ ਸਜ਼ਾ ਦਿੱਤੀ ਗਈ ਹੈ। ਫਰੀਡਮ ਫਾਈਟਰਜ਼ ਸੰਸਥਾ ਦੇ ਉੱਚ ਅਧਿਕਾਰੀਆਂ ਅਤੇ ਮੈਂਬਰਾਂ ਸਮੇਤ ਸ਼ਹਿਰ ਦੇ ਪੱਤਰਕਾਰਾਂ ਅਤੇ ਮੋਹਤਬਰਾਂ ਨੇ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਲੋਕ ਹਿੱਤ ਦੀ ਰਾਖੀ ਕਰਨ ਵਾਲੇ ਅਫ਼ਸਰ ਖ਼ਿਲਾਫ਼ ਕੀਤੀ ਗਈ ਬੇਇਨਸਾਫ਼ੀ ਨੂੰ ਤੁਰੰਤ ਰੱਦ ਕੀਤਾ ਜਾਵੇ ਅਤੇ ਅਭਿਨਵ ਖੋਸਲਾ ਨੂੰ ਪੂਰੇ ਮਾਣ-ਸਤਿਕਾਰ ਨਾਲ ਮੁੜ ਬਹਾਲ ਕੀਤਾ ਜਾਵੇ। ਮੀਟਿੰਗ ਵਿਚ ਸੂਬਾ ਪ੍ਰਧਾਨ ਚੇਤਨ ਸੇਖੋਂ, ਰਾਮ ਸਿੰਘ ਮਿੱਡਾ, ਪ੍ਰਧਾਨ ਪ੍ਰਵੀਨ ਕੁਮਾਰ, ਮੁੱਖ ਸਕੱਤਰ ਸਤਨਾਮ ਸਿੰਘ ਲਹਿਰਾ, ਦਰਸ਼ਨ ਸਿੰਘ, ਬਲਵਿੰਦਰ ਸਿੰਘ ਮਸੀਤਾ, ਮੁਖਤਿਆਰ ਸਿੰਘ, ਸੂਰਜ ਬੇਦੀ, ਤਜਿੰਦਰ ਸਿੰਘ, ਲਖਵੀਰ ਸਿੰਘ, ਇਕਬਾਲ ਸਿੰਘ ਸੰਧੂ, ਅਰੁਣ ਗੋਇਲ, ਬਲਵਿੰਦਰ ਕੌਰ, ਪਰਮਿੰਦਰ ਸਿੰਘ ਲਹਿਰਾ, ਅਮ੍ਰਿਤਪਾਲ ਪਾਲੀ ਅਤੇ ਹੋਰ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐੱਸ. ਇੰਟਰਨੈਸ਼ਨਲ ਸਕੂਲ ਵਿੱਚ ਪੀ.ਟੀ.ਐੱਮ. ਕਰਵਾਈ



ਫਿਰੋਜ਼ਪੁਰ 4 ਅਕਤੂਬਰ (ਮਨੋਹਰ ਲਾਲ):ਫਿਰੋਜ਼ਪੁਰ-ਮੋਗਾ ਰੋਡ ਸਥਿਤ ਟੀ.ਬੀ.ਐੱਸ. ਇੰਟਰਨੈਸ਼ਨਲ ਸਕੂਲ ਵਿਖੇ ਟਰਮ-1 ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਸਬੰਧੀ ਪੇਰੈਂਟਸ-ਟੀਚਰ ਮੀਟਿੰਗ (ਪੀ.ਟੀ.ਐੱਮ.) ਕਰਵਾਈ ਗਈ। ਇਹ ਮੀਟਿੰਗ ਸਕੂਲ ਦੇ ਚੇਅਰਮੈਨ ਡਾ. ਹੀਰਾਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਅਤੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਕਰਵਾਈ ਗਈ। ਇਸ ਮੌਕੇ ਵਿਦਿਆਰਥੀ ਆਪਣੇ ਮਾਪਿਆਂ ਸਮੇਤ ਸਕੂਲ ਪੁੱਜੇ ਅਤੇ ਅਧਿਆਪਕਾਂ ਵੱਲੋਂ ਉਨ੍ਹਾਂ ਦੀ ਪੜ੍ਹਾਈ ਤੇ ਪ੍ਰਗਤੀ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ।ਸਕੂਲ ਦੀ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਪੀ.ਟੀ.ਐੱਮ. ਦਾ ਮੁੱਖ ਮਕਸਦ ਮਾਪਿਆਂ ਨੂੰ ਟਰਮ-1 ਦੀਆਂ ਪ੍ਰੀਖਿਆਵਾਂ ਦੇ ਨਤੀਜਿਆਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਵਿਦਿਆਰਥੀਆਂ ਦੀ ਵਿਸ਼ੇਵਾਰ ਕਾਰਗੁਜ਼ਾਰੀ ਬਾਰੇ ਜਾਣਕਾਰੀ ਦੇਣਾ ਸੀ। ਅਧਿਆਪਕਾਂ ਵੱਲੋਂ ਮਾਪਿਆਂ ਨੂੰ ਵਿਦਿਆਰਥੀਆਂ ਦੇ ਰਿਪੋਰਟ ਕਾਰਡ ਦਿਖਾ ਕੇ ਉਨ੍ਹਾਂ ਦੀ ਪੜ੍ਹਾਈ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧੀਆ ਨਤੀਜਿਆਂ ਲਈ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਮਿਹਨਤ ਅਤੇ ਲਗਨ ਦਾ ਨਤੀਜਾ ਪ੍ਰੀਖਿਆਵਾਂ ਵਿੱਚ ਸਾਹਮਣੇ ਆਉਂਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੀ ਮਿਹਨਤ ਨੂੰ ਲਗਾਤਾਰ ਜਾਰੀ ਰੱਖਣ ਅਤੇ ਆਉਣ ਵਾਲੀਆਂ ਪ੍ਰੀਖਿਆਵਾਂ ਵਿੱਚ ਹੋਰ ਬਿਹਤਰ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਸਕੂਲ ਦਾ ਮਕਸਦ ਵਿਦਿਆਰਥੀਆਂ ਨੂੰ ਸਿਰਫ਼ ਚੰਗੇ ਅੰਕ ਹਾਸਲ ਕਰਨ ਲਈ ਹੀ ਨਹੀਂ, ਸਗੋਂ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਸਿੱਖਣ ਦੀ ਭਾਵਨਾ ਪੈਦਾ ਕਰਨਾ ਵੀ ਹੈ। ਉਨ੍ਹਾਂ ਮਾਪਿਆਂ ਨੂੰ ਵੀ ਬੱਚਿਆਂ ਦੀ ਪੜ੍ਹਾਈ ਵਿੱਚ ਲਗਾਤਾਰ ਸਹਿਯੋਗ ਦੇਣ ਦੀ ਅਪੀਲ ਕੀਤੀ।ਇਸ ਮੌਕੇ ਜਨਰਲ ਸਕੱਤਰ ਸ਼ਿਵਮ ਸ਼ਰਮਾ ਨੇ ਵੀ ਵਿਦਿਆਰਥੀਆਂ ਨੂੰ ਵਧੀਆ ਨਤੀਜਿਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਮਿਹਨਤ ਕਰਨ ਲਈ ਉਤਸ਼ਾਹਿਤ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



DHAN DHAN SRI GURU NANAK DEV JI PARKASH PURAB
SANDWELL
NAGAR KIRTAN
ਨਗਰ ਕੀਰਤਨ
SUNDAY 1ST NOVEMBER 2026
GURDWARA GURU HAR RAI SAHIB JI START 9:00AM
George Street, West Bromwich
ਗੁਰਦੁਆਰਾ ਗੁਰੂ ਹਰਿ ਰਾਇ ਸਾਹਿਬ ਜੀ ਅਰੰਭਤਾ: ੯:੦੦ ਵਜੇ
ਜਰੋਜ ਸਟਰੀਟ, ਵੈਸਟ ਬ੍ਰਮਮਿਚ
GURU NANAK GURDWARA 11:00AM
Edward Street, West Bromwich
ਗੁਰੂ ਨਾਨਕ ਗੁਰਦੁਆਰਾ ੧੧:੦੦ ਵਜੇ
ਏਡਵਰਡ ਸਟਰੀਟ, ਵੈਸਟ ਬ੍ਰਮਮਿਚ
GURDWARA AMRIT PARCHAR DHARMIK DIWAN 1:00PM
Birmingham Road, Oldbury
ਗੁਰਦੁਆਰਾ ਅੰਮ੍ਰਿਤ ਪ੍ਰਚਾਰ ਧਾਰਮਿਕ ਦੀਵਾਨ ੧:੦੦ ਵਜੇ
ਬ੍ਰਮਿੰਘਮ ਰੋਡ, ਓਲਡਬਰੀ
GURDWARA GURU MANEYO GRANTH 2:00PM
Popes Lane, Oldbury
ਗੁਰਦੁਆਰਾ ਗੁਰੂ ਮਾਨਯੋ ਗ੍ਰੰਥ ੨:੦੦ ਵਜੇ
ਪੋਪਸ ਲੇਨ, ਓਲਡਬਰੀ
GURDWARA BABA SANG 3:15PM
St. Paul's Road, Smethwick
ਗੁਰਦੁਆਰਾ ਬਾਬਾ ਸੰਗ ਜੀ ੩:੧੫ ਵਜੇ
ਸਟ, ਪੋਲਜ ਰੋਡ, ਸਮੇਦਿਕ
GURU NANAK GURDWARA SMETHWICK 4:00PM
High Street, Smethwick
ਗੁਰੂ ਨਾਨਕ ਗੁਰਦੁਆਰਾ ੪:੦੦ ਵਜੇ
ਸਮੇਦਿਕ
GURDWARA GURU HAR RAI SAHIB - 0121 553 7219
GURU NANAK GURDWARA SMETHWICK - 0121 558 2527
ਆਵਾਜ਼ਿ ਕੌਮ AWAZE QAUM
International Newspaper & WEB TV
GURDWARA AMRIT PARCHAR DHARMIK DIWAN OLDBURY
Gurdwara Guru Maneyo Granth OLDBURY
The Council of Sikh Gurdwaras in Sandwell




### ਟਰੱਸਟ ਸਦਾਵਰਤ ਪੰਚਾਇਤੀ ਵੱਲੋਂ ਸ਼ਰਧਾਂਜਲੀ ਸਮਾਗਮ ਕਰਵਾਇਆ

# 101 ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



**ਫਿਰੋਜ਼ਪੁਰ, 4 ਅਕਤੂਬਰ (ਮਨੋਹਰ ਲਾਲ)**-ਫਿਰੋਜ਼ਪੁਰ ਸ਼ਹਿਰ ਦੇ ਬਿੱਲਾ ਹਲਵਾਈ ਚੌਂਕ ਵਿਖੇ ਸਥਿਤ 'ਟਰੱਸਟ ਸਦਾਵਰਤ ਪੰਚਾਇਤੀ' ਦੇ ਦਫ਼ਤਰ ਵਿਖੇ ਇੱਕ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਟਰੱਸਟ ਵੱਲੋਂ ਗਰੀਬ ਅਤੇ ਲੋੜਵੰਦ 101 ਪਰਿਵਾਰਾਂ ਨੂੰ ਰਾਸ਼ਨ ਸਮੱਗਰੀ ਵੰਡੀ ਗਈ। ਸਮਾਗਮ ਦੀ ਸ਼ੁਰੂਆਤ ਪੰਡਿਤ ਜੀ ਵੱਲੋਂ ਕਰਵਾਏ ਹਵਨ ਯੱਗ ਅਤੇ ਪੂਜਾ-ਪਾਠ ਨਾਲ ਹੋਈ। ਇਸ ਦੌਰਾਨ 1914 ਵਿੱਚ ਕਾਲ ਅਤੇ ਭੁੱਖਮਰੀ ਦੇ ਦੌਰ ਸਮੇਂ ਟਰੱਸਟ ਦੀ ਸਥਾਪਨਾ ਕਰਨ ਵਾਲੀਆਂ ਮਹਾਨ ਆਤਮਾਵਾਂ ਨੂੰ ਭਾਵਪੂਰਤ ਸ਼ਰਧਾਂਜਲੀ ਭੇਟ ਕੀਤੀ ਗਈ। ਸਮਾਗਮ ਵਿੱਚ ਸ੍ਰੀ ਅਸ਼ਵਨੀ ਮੋਂਗਾ, ਸ੍ਰੀ ਪੀ.ਸੀ. ਕੁਮਾਰ, ਸ੍ਰੀ ਡੀ.ਕੇ. ਬਜਾਜ, ਸ੍ਰੀ ਓਮ ਪ੍ਰਕਾਸ਼, ਮਦਨ ਲਾਲ ਅਤੇ ਪੰਜਾਬ ਨੈਸ਼ਨਲ ਬੈਂਕ ਦੇ ਸਾਬਕਾ ਮੈਨੇਜਰ ਰਜਨੀਸ਼ ਕਪੂਰ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਨੇ ਸ਼ਿਰਕਤ ਕੀਤੀ। ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਪੀ.ਸੀ. ਕੁਮਾਰ ਨੇ ਦੱਸਿਆ ਕਿ 114 ਸਾਲ ਪਹਿਲਾਂ ਜਦੋਂ ਇਲਾਕੇ ਵਿੱਚ ਭੁੱਖਮਰੀ ਦਾ ਆਲਮ ਸੀ, ਤਾਂ ਕੁਝ ਦਾਨੀ ਪੁਰਸ਼ਾਂ ਨੇ ਆਪਣੀਆਂ ਜ਼ਮੀਨਾਂ-ਜਾਇਦਾਦਾਂ ਵੇਚ ਕੇ ਇਸ ਟਰੱਸਟ ਦੀ ਨੀਂਹ ਰੱਖੀ ਸੀ। ਇਹ ਟਰੱਸਟ ਅੱਜ ਵੀ ਨਿਰੰਤਰ ਕੁਦਰਤੀ ਤੇ ਗੈਰ-ਕੁਦਰਤੀ ਆਫ਼ਤਾਂ ਸਮੇਂ ਮਾਨਵਤਾ ਦੀ ਸੇਵਾ ਕਰਨ ਦੇ ਨਾਲ-ਨਾਲ ਦੇਸ਼ ਦੀ ਏਕਤਾ, ਅਖੰਡਤਾ ਅਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਿਹਾ ਹੈ। ਇਸ ਮੌਕੇ ਸ੍ਰੀ ਪੀ.ਸੀ. ਕੁਮਾਰ ਨੇ ਬੜੇ ਦੁਖੀ ਹਿਰਦੇ ਨਾਲ ਸਰਕਾਰ ਦੀਆਂ ਨੀਤੀਆਂ 'ਤੇ ਵੀ ਸਵਾਲ ਚੁੱਕੇ। ਉਨ੍ਹਾਂ ਦੱਸਿਆ ਕਿ ਉਹ ਪਿਛਲੇ 50 ਸਾਲਾਂ ਤੋਂ ਸਿੱਖਿਆ, ਨੈਤਿਕਤਾ, ਦੇਸ਼ ਭਗਤੀ, ਏਡਜ਼, ਟੀ.ਬੀ. ਅਤੇ ਨਸ਼ਿਆਂ ਵਰਗੀਆਂ ਭਿਆਨਕ ਬਿਮਾਰੀਆਂ ਵਿਰੁੱਧ ਸਮਾਜ ਸੇਵੀ ਕਾਰਜਾਂ ਵਿੱਚ ਯੋਗਦਾਨ ਪਾ ਰਹੇ ਹਨ। ਇਨ੍ਹਾਂ ਸ਼ਲਾਘਾਯੋਗ ਸੇਵਾਵਾਂ ਬਦਲੇ ਸਾਲ 2012 ਵਿੱਚ ਪੰਜਾਬ ਦੇ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਵੱਲੋਂ ਉਨ੍ਹਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ ਸੀ। ਉਨ੍ਹਾਂ ਅਫ਼ਸੋਸ ਜਤਾਇਆ ਕਿ 2013 ਤੋਂ 2027 ਤੱਕ ਪਿੰਡ ਪੱਧਰ ਤੋਂ ਲੈ ਕੇ ਵਿਧਾਇਕਾਂ ਤੇ ਮੰਤਰੀਆਂ ਵੱਲੋਂ ਉਨ੍ਹਾਂ ਦੇ ਨਾਂ ਦੀ ਸਿਫ਼ਾਰਸ਼ ਰਾਸ਼ਟਰਪਤੀ ਐਵਾਰਡ ਲਈ ਕੀਤੀ ਗਈ, ਪਰ ਸਰਕਾਰਾਂ ਨੇ ਯੋਗਤਾ ਦੀ ਬਜਾਏ ਭਾਈ-ਭਤੀਜਾਵਾਦ ਅਤੇ ਜਾਤੀ ਹਿੱਤਾਂ ਨੂੰ ਤਰਜੀਹ ਦਿੰਦਿਆਂ ਉਨ੍ਹਾਂ ਦੇ ਨਾਂ ਨੂੰ ਅਣਗੌਲਿਆ ਕਰ ਦਿੱਤਾ। ਉਨ੍ਹਾਂ ਕਿਹਾ ਕਿ ਅੱਜ ਸਮਾਜ ਵਿੱਚ ਕੰਮ ਦੀ ਬਜਾਏ ਚੰਮ ਦੀ ਪੂਜਾ ਹੋ ਰਹੀ ਹੈ, ਜਿਸ ਕਾਰਨ ਆਮ ਜਨਤਾ ਵਿੱਚ ਭਾਰੀ ਰੋਸ ਹੈ। ਉਨ੍ਹਾਂ ਮੰਗ ਕੀਤੀ ਕਿ ਰਾਸ਼ਟਰਪਤੀ ਐਵਾਰਡਾਂ ਦੀ ਵੰਡ ਵਿੱਚ ਹੋਈ ਧਾਂਦਲੀ ਦੀ ਕੇਂਦਰ ਦੀ ਕਿਸੇ ਨਿਰਪੱਖ ਏਜੰਸੀ ਤੋਂ ਜਾਂਚ ਕਰਵਾਈ ਜਾਵੇ ਤਾਂ ਜੋ ਅਸਲ ਹੱਕਦਾਰਾਂ ਨੂੰ ਇਨਸਾਫ਼ ਮਿਲ ਸਕੇ।

**ਸਮਾਗਮ ਦੌਰਾਨ ਟਰੱਸਟ ਦੇ 114 ਸਾਲਾ ਇਤਿਹਾਸ ਨੂੰ ਕੀਤਾ ਯਾਦ**

ਆਵਾਜ਼ਿ ਕੌਮ AWAZE QAUM International Newspaper & WEB TV

# ਪ੍ਰਗਟ ਸਿੰਘ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ 'ਤੇ ਕਮਲਜੀਤ ਸਿੰਘ ਚੱਕ ਨੇ ਦਿੱਤੀ ਮੁਬਾਰਕਵਾਦ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਕਾਂਗਰਸ ਹਾਈਕਮਾਂਡ ਵੱਲੋਂ ਸਾਬਕਾ ਓਲੰਪੀਅਨ ਅਤੇ ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦਾ ਨਵਾਂ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਹਲਕਾ ਮਹਿਲ ਕਲਾਂ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਪ੍ਰਮੁੱਖ ਦਾਅਵੇਦਾਰ ਕਮਲਜੀਤ ਸਿੰਘ ਚੱਕ ਨੇ ਉਨ੍ਹਾਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਰਗਟ ਸਿੰਘ ਨੂੰ ਪੰਜਾਬ ਕਾਂਗਰਸ ਦੀ ਕਮਾਨ ਸੱਪੇ ਜਾਣ ਦੀ ਪੁਸ਼ਟੀ ਕਾਂਗਰਸ ਵੱਲੋਂ ਜਾਰੀ ਕੀਤੀ ਨਿਯੁਕਤੀ ਤੋਂ ਬਾਅਦ ਹੋਈ ਹੈ। ਉਨ੍ਹਾਂ ਕਿਹਾ ਕਿ ਪਰਗਟ ਸਿੰਘ ਇੱਕ ਸੂਝਵਾਨ, ਮਿਹਨਤੀ ਅਤੇ ਤਜਰਬੇਕਾਰ ਆਗੂ ਹਨ, ਜਿਨ੍ਹਾਂ ਨੇ ਖੇਡਾਂ ਤੋਂ ਲੈ ਕੇ ਰਾਜਨੀਤੀ ਤੱਕ ਆਪਣੀ ਵੱਖਰੀ ਪਛਾਣ ਬਣਾਈ ਹੈ। ਉਹ ਜਲੰਧਰ ਕੈਂਟ ਤੋਂ ਵਿਧਾਇਕ ਹੋਣ ਦੇ ਨਾਲ-ਨਾਲ ਪੰਜਾਬ ਦੇ ਸਿੱਖਿਆ ਅਤੇ ਖੇਡ ਮੰਤਰੀ ਵਜੋਂ ਵੀ ਸੇਵਾ ਨਿਭਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ ਕਾਂਗਰਸ ਪਾਰਟੀ ਨੂੰ ਮਜ਼ਬੂਤ ਕਰਨ ਵਿੱਚ ਪਰਗਟ ਸਿੰਘ ਦੀ ਅਗਵਾਈ ਅਹਿਮ ਭੂਮਿਕਾ ਨਿਭਾਏਗੀ।

ਆਵਾਜ਼ਿ ਕੌਮ AWAZE QAUM International Newspaper & WEB TV

# ਕਣਕ ਦੇ ਐਮ.ਐਸ.ਪੀ. 'ਚ 25 ਰੁਪਏ ਦਾ ਵਾਧਾ ਕਿਸਾਨਾਂ ਨਾਲ ਧੋਖਾ: ਚੇਅਰਮੈਨ ਰਾਜਵੰਤ ਸਿੰਘ ਘੁੱਲੀ



ਕੇਂਦਰ ਦੀ ਮੋਦੀ ਸਰਕਾਰ ਵੱਲੋਂ ਕਣਕ ਦੇ ਸਮਰਥਨ ਮੁੱਲ (ਐਮਐਸਪੀ) ਵਿੱਚ ਮਹਿਜ਼ 25 ਰੁਪਏ ਪ੍ਰਤੀ ਕੁਇੰਟਲ ਦੇ ਵਾਧੇ ਨੂੰ ਕਿਸਾਨਾਂ ਨਾਲ ਵੱਡਾ ਧੋਖਾ ਕਰਾਰ ਦਿੱਤਾ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਮੁੱਖ ਮੰਤਰੀ ਦਫ਼ਤਰ ਇੰਚਾਰਜ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਖੇਤੀ ਦੀ ਲਾਗਤ ਲਗਾਤਾਰ ਵਧ ਰਹੀ ਹੈ, ਜਦੋਂਕਿ ਐਮਐਸਪੀ ਵਿੱਚ ਮਾਮੂਲੀ ਵਾਧੇ ਨਾਲ ਕਿਸਾਨਾਂ ਨੂੰ ਕੋਈ ਖਾਸ ਰਾਹਤ ਨਹੀਂ ਮਿਲੇਗੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਮਾਰਕੀਟਿੰਗ ਸੀਜ਼ਨ 2027-28 ਲਈ ਕਣਕ ਦਾ ਐਮਐਸਪੀ 2,585 ਰੁਪਏ ਤੋਂ ਵਧਾ ਕੇ 2,610 ਰੁਪਏ ਪ੍ਰਤੀ ਕੁਇੰਟਲ ਕੀਤਾ ਹੈ। ਉਨ੍ਹਾਂ ਕਿਹਾ ਕਿ ਖਾਦਾਂ, ਕੀਟਨਾਸ਼ਕਾਂ, ਡੀਜ਼ਲ, ਖੇਤੀ ਮਸ਼ੀਨਰੀ ਅਤੇ ਉਸ ਦੇ ਪੁਰਜ਼ਿਆਂ ਦੀਆਂ ਕੀਮਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਇਸ ਤੋਂ ਇਲਾਵਾ ਕੁਦਰਤੀ ਆਫ਼ਤਾਂ ਨਾਲ ਫਸਲਾਂ ਨੂੰ ਹੋਣ ਵਾਲੇ ਨੁਕਸਾਨ ਦਾ ਪੂਰਾ ਮੁਆਵਜ਼ਾ ਨਾ ਮਿਲਣ ਕਾਰਨ ਕਿਸਾਨਾਂ 'ਤੇ ਆਰਥਿਕ ਬੋਝ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹਿੰਗਾਈ ਦਾ ਅਸਰ ਕਿਸਾਨਾਂ ਦੇ ਪਰਿਵਾਰਾਂ 'ਤੇ ਵੀ ਪੈ ਰਿਹਾ ਹੈ। ਅਜਿਹੇ ਵਿੱਚ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੇ ਦਾਅਵਿਆਂ ਵਿਚਕਾਰ ਕਣਕ ਦੇ ਐਮਐਸਪੀ ਵਿੱਚ ਸਿਰਫ਼ 25 ਰੁਪਏ ਦੇ ਵਾਧੇ 'ਤੇ ਸਰਕਾਰ ਨੂੰ ਗੰਭੀਰਤਾ ਨਾਲ ਵਿਚਾਰ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਕਰਜ਼ੇ ਦੇ ਬੋਝ ਅਤੇ ਆਰਥਿਕ ਸੰਕਟ ਨਾਲ ਜੂਝ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਵੱਖ-ਵੱਖ ਖੇਤੀ ਸਬਸਿਡੀਆਂ ਵਿੱਚ ਕਟੌਤੀ ਕਾਰਨ ਕਿਸਾਨਾਂ ਦੀਆਂ ਮੁਸ਼ਕਲਾਂ ਹੋਰ ਵਧ ਗਈਆਂ ਹਨ। ਉਨ੍ਹਾਂ ਕੇਂਦਰ ਸਰਕਾਰ ਤੋਂ ਖੇਤੀ ਦੀ ਵਧਦੀ ਲਾਗਤ, ਕਿਸਾਨਾਂ ਦੀ ਆਮਦਨ ਅਤੇ ਕੁਦਰਤੀ ਆਫ਼ਤਾਂ ਨਾਲ ਹੋਣ ਵਾਲੇ ਨੁਕਸਾਨ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨ ਪੱਖੀ ਨੀਤੀਆਂ ਬਣਾਉਣ ਦੀ ਮੰਗ ਕੀਤੀ।

ਸ੍ਰੀ ਗੁਰੂ ਅਮਰਦਾਸ ਜੀ ਦਾ

# ਜੋਤੀ ਜੋਤ ਗੁਰਪੁਰਬ ਬੜੀ ਸ਼ਰਧਾ ਨਾਲ ਮਨਾਇਆ



**ਫਿਰੋਜ਼ਪੁਰ, 4 ਅਕਤੂਬਰ (ਮਨੋਹਰ ਲਾਲ)**-ਤੀਜੇ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਅਮਰਦਾਸ ਜੀ ਦਾ ਜੋਤੀ ਜੋਤ ਗੁਰਪੁਰਬ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਜ਼ਿਲ੍ਹਾ ਫਿਰੋਜ਼ਪੁਰ ਦੇ ਪਿੰਡ ਕਟੋਰਾ ਸਥਿਤ ਗੁਰਦੁਆਰਾ ਭਲਾਈ ਸਾਹਿਬ ਪਾਤਸ਼ਾਹੀ ਤੀਜੀ ਵਿਖੇ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦੇ ਸਬੰਧ ਵਿਚ 1 ਅਕਤੂਬਰ 2026 (15 ਅੱਸੂ) ਦਿਨ ਵੀਰਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਗਏ ਸਨ। ਅੱਜ 3 ਅਕਤੂਬਰ 2026 (17 ਅੱਸੂ) ਦਿਨ ਸ਼ਨੀਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਜਿਸ ਤੋਂ ਬਾਅਦ ਗੁਰਦੁਆਰਾ ਸਾਹਿਬ ਦੇ ਖੁੱਲ੍ਹੇ ਪੰਡਾਲ ਵਿਚ ਭਾਰੀ ਧਾਰਮਿਕ ਦੀਵਾਨ ਸਜਾਏ ਗਏ। ਇਨ੍ਹਾਂ ਦੀਵਾਨਾਂ ਵਿਚ ਪ੍ਰਮੁੱਖ ਧਾਰਮਿਕ ਸ਼ਖਸੀਅਤਾਂ ਅਤੇ ਜੱਥਿਆਂ ਨੇ ਹਾਜ਼ਰੀ ਭਰੀ। ਬਾਉਲੀ ਸਾਹਿਬ ਵਾਲੇ ਕਥਾ ਵਾਚਕ ਭਾਈ ਸੁਖਦੇਵ ਸਿੰਘ ਜੀ ਡੱਲਾ, ਲੱਖੋ ਕੇ ਬਹਿਰਾਮ ਤੋਂ ਕਥਾ ਵਾਚਕ ਭਾਈ ਕੁਲਦੀਪ ਸਿੰਘ, ਅਰਮਾਨਪੁਰਾ ਤੋਂ ਬੀਬੀ ਦਲਜੀਤ ਕੌਰ, ਰਾਗੀ ਜੱਥਾ ਫਿਰੋਜ਼ਪੁਰ ਤੋਂ ਭਾਈ ਅੰਮ੍ਰਿਤਪ੍ਰੀਤ ਸਿੰਘ, ਅਟਾਰੀ ਤੋਂ ਭਾਈ ਹਰਜਿੰਦਰ ਸਿੰਘ ਦਾ ਕਵੀਸ਼ਰੀ ਜੱਥਾ ਅਤੇ ਬਾਰੇ ਕੇ ਤੋਂ ਭਾਈ ਬੋਹੜ ਸਿੰਘ ਦਾ ਢਾਡੀ ਜੱਥਾ ਸ਼ਾਮਲ ਹੋਏ। ਇਸ ਤੋਂ ਇਲਾਵਾ ਗੁਰੂ ਰਾਮ ਦਾਸ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਦੇ ਬੱਚਿਆਂ ਨੇ ਵੀ ਆਪਣੀ ਹਾਜ਼ਰੀ ਲਗਵਾਈ।

**ਗੁਰਦੁਆਰਾ ਭਲਾਈ ਸਾਹਿਬ ਵਿਖੇ ਧਾਰਮਿਕ ਦੀਵਾਨ ਸਜਾਏ, ਰਾਗੀ, ਢਾਡੀ ਅਤੇ ਕਵੀਸ਼ਰੀ ਜੱਥਿਆਂ ਨੇ ਸੰਗਤਾਂ ਨੂੰ ਕੀਤਾ ਨਿਹਾਲ**

ਇਨ੍ਹਾਂ ਸਮੂਹ ਜੱਥਿਆਂ ਨੇ ਮਨੋਹਰ ਕੀਰਤਨ, ਗੁਰਮਤਿ ਵਿਚਾਰਾਂ, ਕਵੀਸ਼ਰੀ ਅਤੇ ਢਾਡੀ ਵਾਰਾਂ ਰਾਹੀਂ ਆਈਆਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਸਮਾਗਮ ਦੌਰਾਨ ਗੁਰਦੁਆਰਾ ਰਾਮਦਾਸਪੁਰੀ ਦੇ ਮੁੱਖ ਸੇਵਾਦਾਰ ਭਗਤ ਮਿਲਖਾ ਸਿੰਘ ਨੇ ਦੂਰ-ਦੁਰਾਡੇ ਤੋਂ ਵੱਡੀ ਗਿਣਤੀ ਵਿਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਬਾਬਾ ਜੀ ਨੇ ਸੰਗਤਾਂ ਨੂੰ ਖੰਡੇ ਬਾਟੇ ਦੀ ਪਾਹੁਲ ਛਕ ਕੇ ਅੰਮ੍ਰਿਤਧਾਰੀ ਬਣਨ ਅਤੇ ਗੁਰੂ ਸਾਹਿਬ ਦੇ ਦਰਸਾਏ ਮਾਰਗ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ। ਸਮਾਗਮ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਜਗਦੇਵ ਸਿੰਘ ਜੱਜਲ ਨੇ

# ਨਥੇਹਾ ਤੋਂ ਸ਼ੁਰੂ ਕੀਤਾ ਚੋਣ ਪ੍ਰਚਾਰ



**ਤਲਵੰਡੀ ਸਾਬੋ, 4 ਅਕਤੂਬਰ (ਗੁਰਜੰਟ ਸਿੰਘ ਨਥੇਹਾ)**-2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਉਤਰੇ ਜਗਦੇਵ ਸਿੰਘ ਜੱਜਲ ਵੱਲੋਂ ਅੱਜ ਪਿੰਡ ਨਥੇਹਾ ਤੋਂ ਆਪਣੀ ਚੋਣ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਉਨ੍ਹਾਂ ਪਿੰਡ ਨਥੇਹਾ ਦੇ ਪੰਚਾਇਤ ਮੈਂਬਰ ਸੰਦੀਪ ਸਿੰਘ ਰੰਧਾਵਾ ਅਤੇ ਗੁਰਜੀਤ ਸਿੰਘ ਚਾਹਲ ਦੇ ਘਰ ਤੋਂ ਚੋਣ ਪ੍ਰਚਾਰ ਦੀ ਸ਼ੁਰੂਆਤ ਕਰਦਿਆਂ ਵੱਡੇ ਇਕੱਠ ਨੂੰ ਸੰਬੋਧਨ ਕੀਤਾ। ਇਸ ਮੌਕੇ ਜਗਦੇਵ ਸਿੰਘ ਜੱਜਲ ਨੇ ਆਪਣੇ ਵੱਲੋਂ ਹਲਕੇ ਵਿੱਚ ਕੀਤੇ ਗਏ ਕੰਮਾਂ ਅਤੇ ਲੋਕਾਂ ਨਾਲ ਜੁੜੇ ਮੁੱਦਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਗਏ ਵਾਅਦਿਆਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਕੀਤੇ ਵਾਅਦਿਆਂ ਅਤੇ ਜ਼ਮੀਨੀ ਪੱਧਰ 'ਤੇ ਉਨ੍ਹਾਂ ਦੀ ਪੂਰਤੀ ਵਿਚ ਵੱਡਾ ਅੰਤਰ ਨਜ਼ਰ ਆ ਰਿਹਾ ਹੈ। ਜਗਦੇਵ ਸਿੰਘ ਜੱਜਲ ਨੇ ਕਿਹਾ ਕਿ ਉਹ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਆਜ਼ਾਦ ਤੌਰ 'ਤੇ ਲੜਨ ਲਈ ਲੋਕਾਂ ਦੇ ਵਿਚਕਾਰ ਜਾ ਰਹੇ ਹਨ ਅਤੇ ਉਨ੍ਹਾਂ ਦਾ ਮੁੱਖ ਮਕਸਦ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਵਿਧਾਨ ਸਭਾ ਵਿੱਚ ਉਠਾਉਣਾ ਅਤੇ ਇਲਾਕੇ ਦੇ ਵਿਕਾਸ ਲਈ ਕੰਮ ਕਰਨਾ ਹੈ। ਉਨ੍ਹਾਂ ਕਿਹਾ ਕਿ ਉਹ ਪਿੰਡ-ਪਿੰਡ ਜਾ ਕੇ ਲੋਕਾਂ ਨਾਲ ਸਿੱਧਾ ਸੰਪਰਕ ਕਰਨਗੇ ਅਤੇ ਲੋਕਾਂ ਦੀ ਰਾਇ ਨੂੰ ਪਹਿਲ ਦੇਣਗੇ। ਜਗਦੇਵ ਸਿੰਘ ਜੱਜਲ ਨੇ ਮੌੜ ਵਿਧਾਨ ਸਭਾ ਹਲਕੇ ਦੇ ਵਿਧਾਇਕ ਨਾਲ ਸਬੰਧਤ ਮਾਮਲੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਮੌੜ ਹਲਕੇ ਦੇ ਐਮ.ਐਲ.ਏ. ਵੱਲੋਂ ਆਪਣੇ ਹਲਕੇ ਵਿੱਚ ਅਧੂਰੇ ਕੰਮਾਂ ਬਾਰੇ ਲਾਈਵ ਹੋ ਕੇ ਜਾਣਕਾਰੀ ਦਿੱਤੀ ਗਈ ਸੀ, ਪਰ ਬਾਅਦ ਵਿੱਚ ਉਨ੍ਹਾਂ ਨੂੰ ਪਾਰਟੀ ਵਿੱਚੋਂ ਹੀ ਖਾਰਜ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਜਿਹੜਾ ਵਿਅਕਤੀ ਆਪਣਾ ਪੱਖ ਰੱਖਣ ਅਤੇ ਆਪਣੇ ਕੰਮਾਂ ਬਾਰੇ ਗੱਲ ਕਰਨ ਤੋਂ ਬਾਅਦ ਆਪਣੀ ਹੀ ਪਾਰਟੀ ਵਿੱਚੋਂ ਬਾਹਰ ਕਰ ਦਿੱਤਾ ਜਾਵੇ, ਉਹ ਆਪਣੇ ਹਲਕੇ ਦੇ ਲੋਕਾਂ ਦੇ ਕੰਮ ਕਿਵੇਂ ਕਰਵਾ ਸਕੇਗਾ। ਉਨ੍ਹਾਂ ਕਿਹਾ ਕਿ ਹਲਕਾ ਤਲਵੰਡੀ ਸਾਬੋ ਦੇ ਲੋਕ ਲੰਮੇ ਸਮੇਂ ਤੋਂ ਵੱਖ-ਵੱਖ ਸਮੱਸਿਆਵਾਂ ਨਾਲ ਜੂਝ ਰਹੇ ਹਨ ਅਤੇ ਇਨ੍ਹਾਂ ਸਮੱਸਿਆਵਾਂ ਦੇ ਹੱਲ ਲਈ ਇਮਾਨਦਾਰੀ ਅਤੇ ਦ੍ਰਿੜ੍ਹ ਇਰਾਦੇ ਨਾਲ ਕੰਮ ਕਰਨ ਦੀ ਲੋੜ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੀਆਂ ਚੋਣਾਂ ਵਿੱਚ ਰਵਾਇਤੀ ਸਿਆਸਤ ਤੋਂ ਉੱਪਰ ਉੱਠ ਕੇ ਹਲਕੇ ਦੇ ਵਿਕਾਸ ਅਤੇ ਆਪਣੇ ਹੱਕਾਂ ਲਈ ਫ਼ੈਸਲਾ ਲੈਣ। ਇਸ ਮੌਕੇ ਪਿੰਡ ਨਥੇਹਾ ਤੋਂ ਮੰਦਰ ਸਿੰਘ ਖਾਲਸਾ, ਗੁਰਪ੍ਰੇਮ ਸਿੰਘ ਚਾਹਲ, ਜੱਸੀ ਚਾਹਲ, ਸ਼ਿੰਦਰ ਸਿੰਘ ਰੰਧਾਵਾ, ਪ੍ਰੇਮਪਾਲ ਸਿੰਘ ਰੰਧਾਵਾ, ਮੇਜਰ ਸਿੰਘ, ਸੁਖਦੇਵ ਸਿੰਘ, ਘੁੱਜਰ ਸਿੰਘ ਆਦਿ ਵੱਡੀ ਗਿਣਤੀ ਵਿੱਚ ਲੋਕ ਅਤੇ ਜਗਦੇਵ ਸਿੰਘ ਜੱਜਲ ਦੇ ਸਮਰਥਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਜ਼ਿਲ੍ਹਾ ਪੁਲਿਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਜਾਰੀ - ਡਾ. ਰਵਜੋਤ ਗਰੇਵਾਲ

## ਪਿਛਲੇ ਹਫ਼ਤੇ ਦੌਰਾਨ ਸਬ ਡਵੀਜ਼ਨ ਮੂਨਕ 'ਚ 5 ਮੁਕੱਦਮੇ ਦਰਜ਼, 5 ਮੁਲਜ਼ਮ ਗ੍ਰਿਫ਼ਤਾਰ



**ਮੂਨਕ ( ਰਣਜੀਤ ਸਿੰਘ ਪੇਧਨੀ )**-ਡਾ. ਰਵਜੋਤ ਗਰੇਵਾਲ, ਆਈ.ਪੀ.ਐੱਸ., ਐੱਸ.ਐੱਸ.ਪੀ. ਸੰਗਰੂਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜ਼ਿਲ੍ਹਾ ਪੁਲਿਸ ਵੱਲੋਂ ਚਲਾਈ ਗਈ "ਯੁੱਧ ਨਸ਼ਿਆਂ ਵਿਰੁੱਧ" ਅਤੇ "ਪਿੰਡਾਂ ਦੇ ਪਹਿਰੇਦਾਰ" ਮੁਹਿੰਮ ਤਹਿਤ ਸਬ ਡਿਵੀਜ਼ਨ ਮੂਨਕ ਪੁਲਿਸ ਵੱਲੋਂ ਮਿਤੀ 28 ਸਤੰਬਰ 2026 ਤੋਂ 04 ਅਕਤੂਬਰ 2026 ਤੱਕ ਵਿਸ਼ੇਸ਼ ਕਾਰਵਾਈ ਕੀਤੀ ਗਈ ਹੈ ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਐੱਨ.ਡੀ.ਪੀ.ਐੱਸ.ਐਕਟ ਤਹਿਤ 03 ਮੁਕੱਦਮੇ ਦਰਜ ਕਰਕੇ 03 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ, ਜਿਨ੍ਹਾਂ ਕੋਲੋਂ 20 ਨਸ਼ੀਲੀਆਂ ਗੋਲੀਆਂ, 8 ਕਿੱਲੋ ਭੁੱਕੀ ਚੂਰਾ ਪੋਸਤ ਅਤੇ 10 ਗ੍ਰਾਮ ਚਿੱਟਾ ਬਰਾਮਦ ਕੀਤਾ ਗਿਆ ਹੈ। ਇਸ ਤੋਂ ਇਲਾਵਾ ਧਾਰਾ 27 ਐੱਨ ਡੀ ਪੀ ਐੱਸ ਤਹਿਤ 02 ਮੁਕੱਦਮੇ ਦਰਜ ਕਰਕੇ 02 ਵਿਅਕਤੀਆਂ ਨੂੰ ਇਲਾਜ ਲਈ ਨਸ਼ਾ ਛੁਡਾਊ ਕੇਂਦਰ ਵਿੱਚ ਦਾਖ਼ਲ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਸੁਰੱਖਿਆ ਅਤੇ ਟਰੈਫ਼ਿਕ ਵਿਵਸਥਾ ਨੂੰ ਮੁੱਖ ਰੱਖਦੇ ਹੋਏ ਟਰੈਫ਼ਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨ ਚਾਲਕਾਂ ਦੇ 72 ਚਲਾਨ ਕੀਤੇ ਗਏ ਹਨ। ਇਲਾਕੇ ਵਿੱਚ ਅਮਨ-ਕਾਨੂੰਨ ਬਣਾਏ ਰੱਖਣ ਲਈ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਦੇ ਹੋਏ 52 ਵਿਅਕਤੀਆਂ ਵਿਰੁੱਧ 172 ਬੀ ਐਨ ਐੱਸ ਐੱਸ ਅਧੀਨ ਕਾਨੂੰਨੀ ਕਾਰਵਾਈ ਕੀਤੀ ਗਈ ਹੈ। ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਨੇ ਆਮ ਜਨਤਾ ਨੂੰ ਨਸ਼ਾ ਵਿਰੋਧੀ ਮੁਹਿੰਮ ਵਿੱਚ ਪੁਲਿਸ ਦਾ ਸਹਿਯੋਗ ਦੇਣ ਦੀ ਅਪੀਲ ਕੀਤੀ। ਉਨ੍ਹਾਂ ਦੱਸਿਆ ਕਿ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਨੌਜਵਾਨਾਂ ਨੂੰ ਬਚਾਉਣ ਲਈ ਪਿੰਡਾਂ ਦੀਆਂ ਪੰਚਾਇਤਾਂ, ਸਪੋਰਟਸ ਕਲੱਬਾਂ ਅਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗਾਂ ਕਰਕੇ ਆਮ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੋ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ੇ ਦਾ ਧੰਦਾ ਕਰਨ ਵਾਲਿਆਂ ਅਤੇ ਸਮਾਜ ਵਿਰੋਧੀ ਅੰਸਰਾਂ ਖ਼ਿਲਾਫ਼ ਪੁਲਿਸ ਦੀ ਜੰਗ ਨਿਰੰਤਰ ਜਾਰੀ ਰਹੇਗੀ।

# ਕੇਂਦਰ ਦੀ ਮੋਦੀ ਸਰਕਾਰ ਨੇ ਕਣਕ 'ਤੇ 25 ਪੈਸੇ ਦਾ ਮਾਮੂਲੀ ਵਾਧਾ ਕਰਕੇ ਕਿਸਾਨਾਂ ਦਾ ਉਡਾਇਆ ਮਜਾਕ : ਗੁਰਮੀਤ ਸਿੰਘ ਬਰੜਵਾਲ



**ਧੂਰੀ ( ਰਣਜੀਤ ਸਿੰਘ ਪੇਧਨੀ )**-ਕੇਂਦਰ ਸਰਕਾਰ ਵੱਲੋਂ ਕਣਕ ਦਾ ਭਾਅ 'ਚ 25 ਪੈਸੇ ਪ੍ਰਤੀ ਕਿੱਲੋ (25 ਰੁਪਏ ਪ੍ਰਤੀ ਕੁਇੰਟਲ) ਦਾ ਕੀਤਾ ਨਿਗੂਣਾ ਵਾਧਾ ਕਿਸਾਨਾਂ ਦੇ ਨਾਲ ਨਿਰਾ ਕੋਝਾ ਮਜ਼ਾਕ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਗੁਰਮੀਤ ਸਿੰਘ ਬਰੜਵਾਲ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕਿਸਾਨੀ ਨੂੰ ਉਪਰ ਚੁੱਕਣ ਲਈ ਕਦੇ ਕੋਈ ਠੋਸ ਉਪਰਾਲਾ ਨਹੀਂ ਕੀਤਾ ਗਿਆ ਅਤੇ ਕਿਸਾਨਾਂ ਨੂੰ ਉਨ੍ਹਾਂ ਦੀਆਂ ਫ਼ਸਲਾਂ ਦਾ ਪੂਰਾ ਮੁੱਲ ਵੀ ਨਹੀਂ ਦਿੱਤਾ ਜਾ ਰਿਹਾ, ਜਿਸ ਕਰਕੇ ਕਿਸਾਨਾਂ ਦੀ ਖੇਤੀ ਘਾਟੇ ਵਿੱਚ ਜਾਂ ਰਹੀ ਹੈ। ਉਨਾ ਕਿਹਾ ਕਿ 25 ਪੈਸੇ ਦੇ ਹਿਸਾਬ ਨਾਲ ਇੱਕ ਏਕੜ ਪਿਛੇ ਕਿਸਾਨਾਂ ਨੂੰ ਸਿਰਫ਼ 500 ਰੂਪੈ ਹੀ ਮਿਲਣਗੇ, ਜੋ ਕਿ ਕਿਸਾਨ ਵੀਰਾਂ ਨਾਲ ਇੱਕ ਕੋਝਾ ਮਜ਼ਾਕ ਹੈ, ਜਦੋਂਕਿ ਕੇਂਦਰ ਸਰਕਾਰ ਨੇ ਖਾਂਦਾ ਦੇ ਰੇਟਾਂ ਵਿੱਚ ਕਾਫੀ ਵਾਧਾ ਕੀਤਾ ਹੈ। ਐਨ ਪੀ ਕੇ 12.32.16 ਖਾਦ ਦਾ 50 ਕਿਲੋਬੈਗ ਪਿਛਲੇ ਸਾਲ ਨਾਲੋਂ 500 ਰੂਪੈ, ਐਨ ਪੀ ਕੇ 2020 20 ਖ਼ਾਦ 700 ਰੁਪੈ ਅਤੇ ਪੋਟਾਸ਼ ਖਾਦ ਦਾ 400 ਰੁਪੈ ਵਾਧਾ ਕੀਤਾ ਹੈ।

# ਕੁੱਲ ਹਿੰਦ ਕਿਸਾਨ ਸਭਾ ਵੱਲੋਂ ਫ਼ਸਲਾਂ ਦੇ ਨਿਗੂਣੇ ਭਾਅ ਰੱਦ, ਲਾਹੇਵੰਦ ਮੁੱਲ ਤੇ ਸਰਕਾਰੀ ਖ਼ਰੀਦ ਦੀ ਗਾਰੰਟੀ ਦੀ ਮੰਗ

**ਹੁਸ਼ਿਆਰਪੁਰ, 4 ਅਕਤੂਬਰ (ਆਵਾਜ਼ਿ ਕੌਮ ਬਿਊਰੋ)**- ਕੁਲ ਹਿੰਦ ਕਿਸਾਨ ਸਭਾ ਦੇ ਸੂਬਾ ਸਕੱਤਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੁੱਲ ਹਿੰਦ ਕਿਸਾਨ ਸਭਾ ਨੇ ਕੇਂਦਰ ਸਰਕਾਰ ਵੱਲੋਂ ਕਣਕ ਅਤੇ ਹੋਰ ਫ਼ਸਲਾਂ ਦੇ ਭਾਅ ਵਿੱਚ ਕੀਤੇ ਗਏ ਨਿਗੂਣੇ ਵਾਧੇ ਨੂੰ ਪੂਰੀ ਤਰ੍ਹਾਂ ਰੱਦ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਵਾਧਾ ਖੇਤੀਬਾੜੀ ਦੀਆਂ ਵਧ ਰਹੀਆਂ ਲਾਗਤਾਂ ਦੇ ਮੁਕਾਬਲੇ ਬਿਲਕੁਲ ਨਾਕਾਫ਼ੀ ਹੈ। ਉਹਨਾਂ ਕਿਹਾ ਕਿ ਕਿਸਾਨਾਂ ਨੂੰ ਫ਼ਸਲ ਤਿਆਰ ਕਰਨ ਲਈ ਡੀਜ਼ਲ, ਪੈਟਰੋਲ, ਬੀਜਾਂ, ਖਾਦਾਂ, ਕੀਟਨਾਸ਼ਕ ਦਵਾਈਆਂ, ਸਿੰਚਾਈ, ਮਜ਼ਦੂਰੀ ਅਤੇ ਮਸ਼ੀਨਰੀ 'ਤੇ ਪਹਿਲਾਂ ਨਾਲੋਂ ਕਿਤੇ ਵੱਧ ਖ਼ਰਚ ਕਰਨਾ ਪੈ ਰਿਹਾ ਹੈ। ਇਸ ਦੇ ਬਾਵਜੂਦ ਫ਼ਸਲਾਂ ਦੇ ਭਾਅ ਵਿੱਚ ਕੀਤਾ ਗਿਆ ਮਾਮੂਲੀ ਵਾਧਾ ਕਿਸਾਨਾਂ ਦੀ ਮਿਹਨਤ ਅਤੇ ਅਸਲ ਲਾਗਤ ਨਾਲ ਨਿਆਂ ਨਹੀਂ ਕਰਦਾ। ਇਸ ਕਾਰਨ ਕਿਸਾਨ ਕਰਜ਼ੇ ਦੇ ਵਧਦੇ ਬੋਝ ਹੇਠ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ। ਕਿਸਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਕਾਮਰੇਡ ਦਰਸ਼ਨ ਸਿੰਘ ਮੱਟੂ, ਜ਼ਿਲ੍ਹਾ ਸਕੱਤਰ ਕਾਮਰੇਡ ਆਸ਼ਾ ਨੰਦ ਅਤੇ ਜ਼ਿਲ੍ਹਾ ਪ੍ਰਧਾਨ ਅੱਛਰ ਸਿੰਘ ਨੇ ਕਿਹਾ ਕਿ ਫ਼ਸਲਾਂ ਦੇ ਭਾਅ ਤੈਅ ਕਰਦੇ ਸਮੇਂ ਬੀਜ, ਖਾਦ ਅਤੇ ਡੀਜ਼ਲ ਤੋਂ ਇਲਾਵਾ ਜ਼ਮੀਨ ਦਾ ਕਿਰਾਇਆ, ਮਸ਼ੀਨਰੀ ਦੀ ਘਸਾਈ, ਸਿੰਚਾਈ, ਬਿਜਲੀ, ਮਜ਼ਦੂਰੀ, ਵਿਆਜ ਅਤੇ ਕਿਸਾਨ ਪਰਿਵਾਰ ਦੀ ਮਿਹਨਤ ਨੂੰ ਵੀ ਲਾਗਤ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਇਸ ਪੂਰੀ ਲਾਗਤ ਦੇ ਆਧਾਰ 'ਤੇ ਘੱਟੋ-ਘੱਟ 50 ਫ਼ੀਸਦੀ ਮੁਨਾਫ਼ਾ ਜੋੜ ਕੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਕਿਸਾਨਾਂ ਨੂੰ ਲਾਹੇਵੰਦ ਭਾਅ ਦੇਣਾ ਉਨ੍ਹਾਂ ਦਾ ਹੱਕ ਹੈ। ਕਿਸਾਨ ਸਭਾ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਣਕ ਅਤੇ ਹੋਰ ਸਾਰੀਆਂ ਫ਼ਸਲਾਂ ਦੇ ਭਾਅ ਕਿਸਾਨਾਂ ਦੀ ਪੂਰੀ ਲਾਗਤ ਵਿੱਚ ਘੱਟੋ-ਘੱਟ 50 ਫ਼ੀਸਦੀ ਮੁਨਾਫ਼ਾ ਜੋੜ ਕੇ, ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਅਨੁਸਾਰ ਤੈਅ ਕੀਤੇ ਜਾਣ, ਸਾਰੀਆਂ ਮੁੱਖ ਫ਼ਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ ਨੂੰ ਕਾਨੂੰਨੀ ਗਾਰੰਟੀ ਦਿੱਤੀ ਜਾਵੇ, ਤਾਂ ਜੋ ਕਿਸਾਨਾਂ ਨੂੰ ਆਪਣੀ ਫ਼ਸਲ ਲਾਗਤ ਤੋਂ ਘੱਟ ਭਾਅ 'ਤੇ ਵੇਚਣ ਲਈ ਮਜਬੂਰ ਨਾ ਹੋਣਾ ਪਵੇ, ਸਰਕਾਰੀ ਖ਼ਰੀਦ ਪ੍ਰਣਾਲੀ ਨੂੰ ਮਜ਼ਬੂਤ ਕੀਤਾ ਜਾਵੇ ਅਤੇ ਹਰ ਮੰਡੀ ਵਿੱਚ ਸਮੇਂ ਸਿਰ, ਪਾਰਦਰਸ਼ੀ ਤੇ ਨਿਰਵਿਘਨ ਖ਼ਰੀਦ ਯਕੀਨੀ ਬਣਾਈ ਜਾਵੇ, ਡੀਜ਼ਲ, ਪੈਟਰੋਲ, ਖਾਦਾਂ, ਬੀਜਾਂ ਅਤੇ ਕੀਟਨਾਸ਼ਕ ਦਵਾਈਆਂ ਦੀਆਂ ਕੀਮਤਾਂ ਵਿੱਚ ਹੋ ਰਹੇ ਬੇਤਹਾਸ਼ਾ ਵਾਧੇ ਨੂੰ ਰੋਕਿਆ ਜਾਵੇ ਅਤੇ ਕਿਸਾਨਾਂ ਨੂੰ ਖੇਤੀਬਾੜੀ ਲਈ ਲੋੜੀਂਦਾ ਸਾਮਾਨ ਵਾਜਬ ਦਰਾਂ 'ਤੇ ਮੁਹੱਈਆ ਕਰਵਾਇਆ ਜਾਵੇ। ਕਿਸਾਨਾਂ ਨੂੰ ਕਰਜ਼ੇ ਦੇ ਬੋਝ ਤੋਂ ਰਾਹਤ ਦੇਣ ਲਈ ਵਿਆਜ-ਮੁਕਤ ਜਾਂ ਘੱਟ ਵਿਆਜ ਵਾਲੇ ਖੇਤੀਬਾੜੀ ਕਰਜ਼ੇ ਅਤੇ ਪ੍ਰਭਾਵਸ਼ਾਲੀ ਕਰਜ਼ਾ-ਮੁਆਫ਼ੀ ਨੀਤੀ ਲਾਗੂ ਕੀਤੀ ਜਾਵੇ। ਆਗੂਆਂ ਨੇ ਕਿਹਾ ਕਿ ਕਿਸਾਨਾਂ ਦੀ ਆਮਦਨ ਵਧਾਉਣ ਅਤੇ ਉਨ੍ਹਾਂ ਨੂੰ ਆਰਥਿਕ ਸੰਕਟ ਤੋਂ ਬਾਹਰ ਕੱਢਣ ਲਈ ਸਰਕਾਰੀ ਖ਼ਰੀਦ ਦੀ ਗਾਰੰਟੀ ਅਤੇ ਲਾਹੇਵੰਦ ਭਾਅ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਦੀ ਮਿਹਨਤ ਅਤੇ ਉਤਪਾਦਨ ਲਾਗਤ ਨੂੰ ਨਜ਼ਰ ਅੰਦਾਜ਼ ਕਰਕੇ ਤੈਅ ਕੀਤੇ ਗਏ ਨਿਗੂਣੇ ਭਾਅ ਕਿਸਾਨੀ ਸੰਕਟ ਨੂੰ ਹੋਰ ਗੰਭੀਰ ਬਣਾਉਣਗੇ। ਕਿਸਾਨ ਸਭਾ ਨੇ ਚੇਤਾਵਨੀ ਦਿੱਤੀ ਕਿ ਜੇ ਕੇਂਦਰ ਸਰਕਾਰ ਨੇ ਕਿਸਾਨਾਂ ਦੀਆਂ ਇਨ੍ਹਾਂ ਜਾਇਜ਼ ਮੰਗਾਂ 'ਤੇ ਤੁਰੰਤ ਕਾਰਵਾਈ ਨਾ ਕੀਤੀ ਤਾਂ ਕਿਸਾਨ ਜਥੇਬੰਦੀਆਂ ਲੋਕਤੰਤਰਿਕ ਅਤੇ ਸੰਘਰਸ਼ਮਈ ਢੰਗ ਨਾਲ ਆਪਣਾ ਵਿਰੋਧ ਹੋਰ ਤੇਜ਼ ਕਰਨਗੀਆਂ।

ਪਿੰਡ ਬਡੋ ਦੇ 115 ਸਾਲ ਪੁਰਾਣੇ ਖਾਲਸਾ ਸਕੂਲ ਨੂੰ ਮਿਲੀ ਆਧੁਨਿਕ ਲਾਇਬ੍ਰੇਰੀ ਦੀ ਸੌਗਾਤ

# ਉੱਘੇ ਪੰਥਕ ਵਿਦਵਾਨ ਭਗਵਾਨ ਸਿੰਘ ਜੌਹਲ ਨੇ ਕੀਤਾ ਉਦਘਾਟਨ







**ਬਡੋ (ਹੁਸ਼ਿਆਰਪੁਰ), 4 ਅਕਤੂਬਰ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਬਡੋ ਵਿਖੇ ਸਿੱਖਿਆ ਦੇ ਖੇਤਰ ਵਿੱਚ ਇੱਕ ਸ਼ਲਾਘਾਯੋਗ ਕਦਮ ਪੁੱਟਿਆ ਗਿਆ ਹੈ। ਇੱਥੋਂ ਦੇ ਇਤਿਹਾਸਕ ਅਤੇ ਨਾਮਵਰ ਵਿੱਦਿਅਕ ਅਦਾਰੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਬਡੋ ਵਿਖੇ ਇੱਕ ਅਤਿ-ਆਧੁਨਿਕ ਲਾਇਬ੍ਰੇਰੀ ਦਾ ਉਦਘਾਟਨ ਬੜੀ ਧੂਮਧਾਮ ਨਾਲ ਕੀਤਾ ਗਿਆ। ਇਹ ਲਾਇਬ੍ਰੇਰੀ ਪ੍ਰਵਾਸੀ ਭਾਰਤੀ ਉੱਘੇ ਸਰਦਾਰ ਦਲਜੀਤ ਸਿੰਘ ਜੀ, ਟੋਰਾਂਟੋ (ਕੈਨੇਡਾ) ਵਾਲਿਆਂ ਦੇ ਵਿਸ਼ੇਸ਼ ਸਹਿਯੋਗ ਅਤੇ ਆਰਥਿਕ ਯੋਗਦਾਨ ਨਾਲ ਤਿਆਰ ਕਰਵਾਈ ਗਈ ਹੈ। ਉਨ੍ਹਾਂ ਦੇ ਇਸ ਉਪਰਾਲੇ ਦੀ ਇਲਾਕੇ ਭਰ ਵਿੱਚ ਭਰਪੂਰ ਸ਼ਲਾਘਾ ਹੋ ਰਹੀ ਹੈ। ਇਸ ਲਾਇਬ੍ਰੇਰੀ ਦੇ ਉਦਘਾਟਨ ਸਮਾਰੋਹ ਲਈ ਵਿਸ਼ੇਸ਼ ਤੌਰ 'ਤੇ ਪੰਥ ਪ੍ਰਸਿੱਧ ਵਿਦਵਾਨ, ਉੱਘੇ ਸਿੱਖ ਚਿੰਤਕ ਅਤੇ ਲੇਖਕ ਉੱਘੇ ਸਰਦਾਰ ਭਗਵਾਨ ਸਿੰਘ ਜੌਹਲ ਨੂੰ ਮੁੱਖ ਮਹਿਮਾਨ ਵਜੋਂ ਸੱਦਾ ਦਿੱਤਾ ਗਿਆ ਸੀ। ਸਕੂਲ ਦੀ ਮੈਨੇਜਮੈਂਟ ਅਤੇ ਪਿੰਡ ਦੀ ਪੰਚਾਇਤ ਵੱਲੋਂ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨਿਤ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਸਰਦਾਰ ਜੌਹਲ ਨੇ ਲਾਇਬ੍ਰੇਰੀ ਦੀ ਮਹੱਤਤਾ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਕਿਤਾਬਾਂ ਹੀ ਮਨੁੱਖ ਦੀ ਸਭ ਤੋਂ ਵਧੀਆ ਦੋਸਤ ਹੁੰਦੀਆਂ ਹਨ ਅਤੇ ਵਿਦਿਆਰਥੀਆਂ ਨੂੰ ਮੋਬਾਇਲ ਤੋਂ ਦੂਰ ਰਹਿ ਕੇ ਕਿਤਾਬਾਂ ਨਾਲ ਜੁੜਨਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਨੇ ਆਪਣੇ ਵੱਲੋਂ ਵੱਡੀ ਗਿਣਤੀ ਵਿੱਚ ਕੀਮਤੀ ਪੁਸਤਕਾਂ ਵੀ ਲਾਇਬ੍ਰੇਰੀ ਨੂੰ ਭੇਂਟ ਕੀਤੀਆਂ। ਇਸ ਸਕੂਲ ਦਾ ਇਤਿਹਾਸ ਬਹੁਤ ਹੀ ਗੌਰਵਮਈ ਹੈ। ਇਹ ਸਕੂਲ ਅੱਜ ਤੋਂ 115 ਸਾਲ ਪਹਿਲਾਂ ਮਹਾਂਦਾਨੀ ਸਰਦਾਰ ਕੁੰਦਨ ਸਿੰਘ ਜੀ ਵੱਲੋਂ ਆਪਣੇ ਨਿੱਜੀ ਯਤਨਾਂ ਨਾਲ ਸਥਾਪਿਤ ਕੀਤਾ ਗਿਆ ਸੀ। ਇਸ ਸਕੂਲ ਦੀ ਸਭ ਤੋਂ ਵੱਡੀ ਖਾਸੀਅਤ ਇਹ ਹੈ ਕਿ ਸਰਦਾਰ ਕੁੰਦਨ ਸਿੰਘ ਜੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਵਾਲਿਆਂ ਦੇ ਵਿਸ਼ੇਸ਼ ਸੇਵਾਦਾਰ ਸਨ, ਜਿਨ੍ਹਾਂ ਨੇ ਸਿੱਖੀ ਪ੍ਰਚਾਰ ਅਤੇ ਸਿੱਖਿਆ ਦੇ ਪ੍ਰਸਾਰ ਲਈ ਆਪਣਾ ਜੀਵਨ ਸਮਰਪਿਤ ਕੀਤਾ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਉੱਘੇ ਸ੍ਰੀ ਸੁਖਿੰਦਰ ਸਿੰਘ ਜੀ, ਉੱਘੇ ਸਨਅਤਕਾਰ ਸਰਦਾਰ ਜਗਦੀਸ਼ ਸਿੰਘ ਜੀ (ਉੱਘੇ ਇੰਡਸਟਰੀ) ਅਤੇ ਉਨ੍ਹਾਂ ਦਾ ਪਰਿਵਾਰ, ਪ੍ਰਿੰਸੀਪਲ ਜਗਮੋਹਨ ਸਿੰਘ ਜੀ, ਪ੍ਰਿੰਸੀਪਲ ਜਸਵੀਰ ਸਿੰਘ ਜੀ, ਪ੍ਰੋਫੈਸਰ ਭੁਪਿੰਦਰ ਸਿੰਘ ਮਹਿਲਪੁਰੀ, ਪਿੰਡ ਦੀ ਸਮੁੱਚੀ ਪੰਚਾਇਤ, ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ, ਇਲਾਕੇ ਦੇ ਪਤਵੰਤੇ ਸੱਜਣ ਅਤੇ ਸਕੂਲ ਦੇ ਬੱਚੇ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਬਾਲੀਵੁੱਡ ਅਦਾਕਾਰਾ ਯਾਮੀ ਗੌਤਮ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਨਤਮਸਤਕ



**ਨਵੀਂ ਦਿੱਲੀ, 4 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖਾਂ ਦੇ ਦਸਵੇਂ ਗੁਰੂ, ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਪਾਵਨ ਜਨਮਸਥਲੀ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਬਾਲੀਵੁੱਡ ਅਦਾਕਾਰਾ ਯਾਮੀ ਗੌਤਮ ਪਹੁੰਚੀ। ਉਨ੍ਹਾਂ ਨੇ ਦਰਬਾਰ ਸਾਹਿਬ ਵਿਖੇ ਮੱਥਾ ਟੇਕ ਕੇ ਗੁਰੂ ਮਹਾਰਾਜ ਦਾ ਆਸ਼ੀਰਵਾਦ ਪ੍ਰਾਪਤ ਕੀਤਾ ਅਤੇ ਗੁਰਬਾਣੀ ਦਾ ਸਰਵਣ ਕੀਤਾ। ਤਖ਼ਤ ਸਾਹਿਬ ਪਹੁੰਚਣ 'ਤੇ ਪ੍ਰਬੰਧਕ ਕਮੇਟੀ ਵੱਲੋਂ ਉਨ੍ਹਾਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਤਖ਼ਤ ਸਾਹਿਬ ਪਹੁੰਚਣ ਤੋਂ ਬਾਅਦ ਅਦਾਕਾਰਾ ਯਾਮੀ ਗੌਤਮ ਨੇ ਸਭ ਤੋਂ ਪਹਿਲਾਂ ਦਰਬਾਰ ਸਾਹਿਬ ਵਿਖੇ ਹਾਜ਼ਰੀ ਭਰੀ। ਗੁਰੂ ਮਹਾਰਾਜ ਦੇ ਚਰਨਾਂ ਵਿੱਚ ਸੀਸ ਨਿਵਾਉਣ ਤੋਂ ਬਾਅਦ ਉਨ੍ਹਾਂ ਨੇ ਕੁਝ ਸਮਾਂ ਗੁਰਬਾਣੀ ਦਾ ਸਰਵਣ ਕਰਦਿਆਂ ਤਖ਼ਤ ਸਾਹਿਬ ਦੇ ਆਧਿਆਤਮਿਕ ਮਾਹੌਲ ਵਿੱਚ ਬਿਤਾਇਆ। ਇਸ ਦੌਰਾਨ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਉਪ-ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ ਨੇ ਉਨ੍ਹਾਂ ਨੂੰ ਤਖ਼ਤ ਸਾਹਿਬ ਦੇ ਧਾਰਮਿਕ ਅਤੇ ਇਤਿਹਾਸਕ ਮਹੱਤਵ ਬਾਰੇ ਜਾਣਕਾਰੀ ਦਿੱਤੀ। ਅਦਾਕਾਰਾ ਨੂੰ ਦੱਸਿਆ ਗਿਆ ਕਿ ਪਟਨਾ ਸਾਹਿਬ ਦੀ ਧਰਤੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੀ ਪਾਵਨ ਜਨਮਸਥਲੀ ਹੈ ਅਤੇ ਸਿੱਖ ਇਤਿਹਾਸ ਵਿੱਚ ਇਸ ਦਾ ਬਹੁਤ ਮਹੱਤਵਪੂਰਨ ਸਥਾਨ ਹੈ। ਉਨ੍ਹਾਂ ਨੂੰ ਗੁਰੂ ਮਹਾਰਾਜ ਦੇ ਬਚਪਨ, ਪਟਨਾ ਸਾਹਿਬ ਨਾਲ ਜੁੜੇ ਇਤਿਹਾਸਕ ਪ੍ਰਸੰਗਾਂ ਅਤੇ ਇੱਥੋਂ ਦੀ ਧਾਰਮਿਕ ਵਿਰਾਸਤ ਬਾਰੇ ਜਾਣਕਾਰੀ ਦਿੱਤੀ ਗਈ। ਯਾਮੀ ਗੌਤਮ ਨੇ ਇਸ ਗੌਰਵਮਈ ਇਤਿਹਾਸ ਨੂੰ ਸ਼ਰਧਾ ਅਤੇ ਰੁਚੀ ਨਾਲ ਜਾਣਿਆ। ਇਸ ਤੋਂ ਬਾਅਦ ਉਨ੍ਹਾਂ ਨੇ ਪਵਿੱਤਰ ਜੋੜਾ ਸਾਹਿਬ ਦੇ ਦਰਸ਼ਨ ਕੀਤੇ ਅਤੇ ਸ਼ਰਧਾਪੂਰਵਕ ਸੀਸ ਨਿਵਾਇਆ। ਇਸ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਵੱਲੋਂ ਅਦਾਕਾਰਾ ਯਾਮੀ ਗੌਤਮ ਨੂੰ ਗੁਰੂ ਮਹਾਰਾਜ ਦੇ ਆਸ਼ੀਰਵਾਦ ਵਜੋਂ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਦਰਸ਼ਨਾਂ ਉਪਰੰਤ ਗੁਰਦੁਆਰਾ ਸਾਹਿਬ ਦੇ ਪਰਿਸਰ ਵਿੱਚ ਸਥਿਤ ਵੀ.ਆਈ.ਪੀ. ਲਾਊਂਜ ਵਿੱਚ ਅਦਾਕਾਰਾ ਦਾ ਵਿਸ਼ੇਸ਼ ਸਵਾਗਤ ਅਤੇ ਸਨਮਾਨ ਕੀਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਜਗਜੋਤ ਸਿੰਘ ਸੋਹੀ, ਉਪ-ਪ੍ਰਧਾਨ ਸਰਦਾਰ ਗੁਰਵਿੰਦਰ ਸਿੰਘ, ਮਹਾਂਸਚਿਵ ਸਰਦਾਰ ਇੰਦਰਜੀਤ ਸਿੰਘ ਸਮੇਤ ਕਮੇਟੀ ਦੇ ਹੋਰ ਅਹੁਦੇਦਾਰਾਂ ਨੇ ਉਨ੍ਹਾਂ ਦਾ ਅਭਿਨੰਦਨ ਕੀਤਾ ਅਤੇ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤਾ।

# ਜੇਕਰ ਪੀੜਤ ਪਰਿਵਾਰਾਂ ਨੂੰ ਇਨਸਾਫ ਨਾ ਦਿੱਤਾ ਤਾ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ: ਪੰਮਾ ਬਾਠ





**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਕਾਲੀਆਂ ਝੰਡੀ ਦਿਖਾਉਣ ਦੇ ਬਦਲੇ ਭਾਈ ਮੋਹਨਜੀਤ ਸਿੰਘ ਸੇਰੋਂ ਵੱਲੋਂ ਕਾਲੀਆਂ ਝੰਡੀ ਦਿਖਾਉਣ ਦੇ ਬਦਲੇਜੋ ਪੁਲਿਸ ਵੱਲੋਂ ਉਹਨਾਂ ਤੇ ਤਸ਼ੱਦਦਤ ਕੀਤਾ ਗਿਆ ਉਹ ਅਤੀ ਸਹਿਣਯੋਗ ਤਸੱਦਦਤ ਸੀ ,ਭਾਈ ਮੋਹਨਜੀਤ ਸਿੰਘ ਨੂੰ ਇਨਸਾਫ ਦਵਾਉਣ ਦੇ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦੇ ਅੱਗੇ ਵਿਸ਼ਾਲ ਧਰਨਾ ਦਿੱਤਾ ਗਿਆ । ਧਰਨੇ ਨੂੰ ਸੰਬੋਧਨ ਕਰਦਿਆਂ ਹੋਇਆਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਸਮਾਜ ਸੇਵੀ ਪਰਮਜੀਤ ਸਿੰਘ ਪੰਮਾ ਬਾਠ ਨੇ ਕਿਹਾ ਹੈ ਕਿ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਲੋਕਾਂ ਨੂੰ ਸੱਥਾਂ ਵਿੱਚ ਜਾ ਕੇ ਸਵਾਲ ਪੁੱਛਣ ਦੇ ਲਈ ਪ੍ਰੇਰਦੇ ਸਨ ਅਤੇ ਹੁਣ ਜੇਕਰ ਕੋਈ ਵਿਅਕਤੀ ਸਵਾਲ ਕਰਦਾ ਹੈ ਤਾਂ ਉਸ ਨੂੰ ਪੁਲਿਸ ਵੱਲੋਂ ਅਨ ਅਧਿਕਾਰਤ ਤਸੀਹੇ ਦੇ ਕੇ ਤੰਗ ਪਰੇਸ਼ਾਨ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਵਿੱਤ ਮੰਤਰੀ ਨੂੰ ਸਵਾਲ ਕਰਨ ਵਾਲੇ ਮਾਮਲੇ ਵਿੱਚ ਗੁਲਜਾਰ ਸਿੰਘ ਤੂਰਵੰਜਾਰਾ ਜਿਨਾਂ ਨੇ ਖੁਦਕੁਸ਼ੀ ਕਰ ਲਈ ਸੀ। ਉਹਨਾਂ ਵਿਅਕਤੀਆਂ ਵਿਰੁੱਧ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇ ਅਤੇ ਪਿੰਡ ਕਨੋਈ ਦੇ ਨੌਜਵਾਨ ਸਮਨਦੀਪ ਸਿੰਘ ਦੀ ਮੌਤ ਦੇ ਮਾਮਲੇ ਦੇ ਵਿੱਚ ਨਿਰਪੱਖ ਜਾਂਚ ਕਰਕੇ ਪਰਿਵਾਰ ਨੂੰ ਇਨਸਾਫ ਦਿੱਤਾ ਜਾਵੇ। ਉਹਨਾਂ ਕਿਹਾ ਕਿ ਜੇਕਰ ਇਹਨਾਂ ਪਰਿਵਾਰਾਂ ਨੂੰ ਸਰਕਾਰ ਵੱਲੋਂ ਇਨਸਾਫ ਨਾ ਦਿੱਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਇਸ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।

### ਐੱਸਐੱਫਜੇ ਨੇ ਕੁਲਤਾਰ ਸਿੰਘ ਸੰਧਵਾਂ ਦਾ ਬਰੈਂਪਟਨ ਫੰਡਰੇਜ਼ਰ ਕਰਵਾਇਆ ਰੱਦ

# 'ਆਪ' ਦੀ 16 ਮਿਲੀਅਨ ਡਾਲਰ ਫੰਡਿੰਗ ਮੁੜ ਆਈ ਚਰਚਾ 'ਚ





**ਨਵੀਂ ਦਿੱਲੀ, 4 ਅਕਤੂਬਰ (ਮਨਪ੍ਰੀਤ ਸਿੰਘ ਖਾਲਸਾ)-** ਸਿੱਖਸ ਫਾਰ ਜਸਟਿਸ ਵੱਲੋਂ ਦਾਅਵਾ ਕੀਤਾ ਗਿਆ ਹੈ ਕਿ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਲਈ 3 ਅਕਤੂਬਰ ਨੂੰ ਬਰੈਂਪਟਨ ਵਿੱਚ ਕੀਤਾ ਜਾਣ ਵਾਲਾ ਫੰਡ ਇਕੱਠਾ ਕਰਨ ਦਾ ਸਮਾਗਮ ਖਾਲਿਸਤਾਨ ਰੈਫਰੈਂਡਮ ਕਾਰਕੁਨਾਂ ਦੇ ਵਿਰੋਧ ਕਾਰਨ ਰੱਦ ਹੋ ਗਿਆ। ਐੱਸ.ਐੱਫ.ਜੇ. ਨੇ ਕਿਹਾ ਕਿ ਇਸ ਸਮਾਗਮ ਦੇ ਆਯੋਜਨ ਨਾਲ ਆਮ ਆਦਮੀ ਪਾਰਟੀ ਦੇ ਬੁਲਾਰੇ ਬਲਤੇਜ ਪੰਨੂ ਸਮੇਤ ਓਨਟਾਰੀਓ ਫ੍ਰੈਂਡ ਕਲੱਬ ਬੀ.ਸੀ. ਅਤੇ ਜੱਟਮ ਪੰਜਾਬੀ ਸਭਾ ਦਾ ਨਾਮ ਜੁੜਿਆ ਹੋਇਆ ਸੀ। ਸਮਾਗਮ ਦੇ ਰੱਦ ਹੋਣ ਨਾਲ 2014 ਤੋਂ 2022 ਦਰਮਿਆਨ 'ਆਪ' ਵੱਲੋਂ ਕੈਨੇਡਾ-ਵੱਸਦੇ ਖਾਲਿਸਤਾਨ ਪੱਖੀ ਸਿੱਖਾਂ ਤੋਂ ਕਥਿਤ ਤੌਰ 'ਤੇ ਇਕੱਠੇ ਕੀਤੇ 16 ਮਿਲੀਅਨ ਡਾਲਰ ਦੀ ਫੰਡਿੰਗ ਦਾ ਮੁੱਦਾ ਮੁੜ ਭਖ ਗਿਆ ਹੈ। ਐੱਸਐੱਫਜੇ ਦਾ ਦਾਅਵਾ ਹੈ ਕਿ ਉਸ ਦੌਰ ਵਿੱਚ 'ਆਪ' ਨੇ ਵਿਦੇਸ਼ੀ ਸਮਰਥਨ ਹਾਸਲ ਕੀਤਾ ਅਤੇ ਪੰਜਾਬ ਨਾਲ ਜੁੜੇ ਕਈ ਵਾਅਦੇ ਕੀਤੇ, ਜਿਨ੍ਹਾਂ ਵਿੱਚ ਪ੍ਰੋ. ਦਵਿੰਦਰਪਾਲ ਸਿੰਘ ਭੁੱਲਰ ਦੀ ਰਿਹਾਈ ਦਾ ਮਾਮਲਾ ਵੀ ਸ਼ਾਮਲ ਸੀ। ਐੱਸ.ਐੱਫ.ਜੇ. ਦੇ ਜਨਰਲ ਕੌਂਸਲ ਗੁਰਪਤਵੰਤ ਸਿੰਘ ਪੰਨੂ ਨੇ 'ਆਪ' 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ "ਜਿਨ੍ਹਾਂ ਕੈਨੇਡਾ-ਅਧਾਰਿਤ ਖਾਲਿਸਤਾਨ ਪੱਖੀ ਸਿੱਖਾਂ ਦੇ ਸਮਰਥਨ ਨਾਲ 'ਆਪ' ਨੇ ਸਿਆਸੀ ਤਾਕਤ ਬਣਾਈ, ਅੱਜ ਉਹੀ ਲੋਕ 2027 ਲਈ ਫੰਡ ਇਕੱਠਾ ਕਰਨ ਆਏ ਆਗੂਆਂ ਦੇ ਸਾਹਮਣੇ ਖੜ੍ਹੇ ਹਨ।" ਪੰਨੂ ਨੇ ਦਾਅਵਾ ਕੀਤਾ ਕਿ ਹੁਣ ਖਾਲਿਸਤਾਨ ਰੈਫਰੈਂਡਮ ਕਾਰਕੁਨ ਪੰਜਾਬ ਦੇ ਨਸ਼ਿਆਂ, ਕਰਜ਼ੇ, ਕਥਿਤ ਫਰਜ਼ੀ ਮੁਕਾਬਲਿਆਂ ਅਤੇ ਜਨਸੰਖਿਆਕ ਵਿਸਥਾਪਨ ਵਰਗੇ ਮੁੱਦਿਆਂ 'ਤੇ ਭਗਵੰਤ ਮਾਨ ਸਰਕਾਰ ਨੂੰ ਘੇਰ ਰਹੇ ਹਨ। ਹਾਲਾਂਕਿ, ਇਨ੍ਹਾਂ ਦਾਅਵਿਆਂ ਦੀ ਸੁਤੰਤਰ ਪੁਸ਼ਟੀ ਨਹੀਂ ਹੋਈ।

# ਗਿਆਨੀ ਜੀ ਪਵਿੱਤਰ ਰੂਹ ਅਤੇ ਇਮਾਨਦਾਰੀ ਦੀ ਮਿਸਾਲ ਸਨ: ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ

## ਗਿਆਨੀ ਪਰਗਟ ਸਿੰਘ ਚੰਬਾ ਕਲਾਂ ਜੀ ਨੂੰ ਬੇਅੰਤ ਸ਼ਰਧਾਂਜਲੀਆਂ

ਚੋਹਲਾ ਸਾਹਿਬ , 3 ਅਕਤੂਬਰ (ਆਵਾਜ਼ਿ ਕੌਮ ਬਿਊਰੋ)- ਇਲਾਕੇ ਦੀ ਉੱਘੀ, ਸਤਿਕਾਰਯੋਗ ਅਤੇ ਧਾਰਮਿਕ ਸ਼ਖਸੀਅਤ ਗਿਆਨੀ ਪਰਗਟ ਸਿੰਘ ਜੀ ਚੰਬਾ ਕਲਾਂ ਦੀ ਅੱਠਵੀਂ ਬਰਸੀ ਸਮੂਹ ਪਰਿਵਾਰ ਅਤੇ ਸੰਗਤਾਂ ਵੱਲੋਂ ਬੜੀ ਸ਼ਰਧਾ, ਸਤਿਕਾਰ ਅਤੇ ਭਾਵਪੂਰਵਕ ਮਾਹੌਲ ਵਿੱਚ ਮਨਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ, ਰਿਸ਼ਤੇਦਾਰਾਂ, ਸਨੇਹੀਆਂ ਅਤੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਸ਼ਖਸੀਅਤਾਂ ਨੇ ਹਾਜ਼ਰੀ ਭਰ ਕੇ ਗਿਆਨੀ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਪਰਿਵਾਰ ਨਾਲ ਦੁੱਖ-ਸਾਂਝ ਪਾਈ।ਗਿਆਨੀ ਪਰਗਟ ਸਿੰਘ ਜੀ ਦਾ ਜੀਵਨ ਸਾਦਗੀ, ਸੇਵਾ, ਇਮਾਨਦਾਰੀ ਅਤੇ ਗੁਰਬਾਣੀ ਨਾਲ ਜੁੜਿਆ ਹੋਇਆ ਸੀ। ਉਨ੍ਹਾਂ ਨੂੰ ਗੁਰਬਾਣੀ ਦਾ ਡੂੰਘਾ ਗਿਆਨ ਸੀ ਅਤੇ ਉਹ ਆਪਣੀ ਜ਼ਿੰਦਗੀ ਵਿੱਚ ਗੁਰਬਾਣੀ ਦੇ ਸਿਧਾਂਤਾਂ ਨੂੰ ਅਮਲ ਵਿੱਚ ਲਿਆਉਣ ਨੂੰ ਵਿਸ਼ੇਸ਼ ਮਹੱਤਵ ਦਿੰਦੇ ਸਨ। ਉਨ੍ਹਾਂ ਦੀ ਸੰਗਤ ਵਿੱਚ ਬੈਠਣ ਵਾਲੇ ਲੋਕ ਅਕਸਰ ਮਹਿਸੂਸ ਕਰਦੇ ਸਨ ਕਿ ਗਿਆਨੀ ਜੀ ਦੀ ਗੱਲਬਾਤ ਵਿੱਚ ਵੀ ਗੁਰਬਾਣੀ ਦੀ ਮਹਿਕ ਅਤੇ ਅਧਿਆਤਮਿਕਤਾ ਝਲਕਦੀ ਸੀ। ਉਹ ਗੁਰਬਾਣੀ ਦੀਆਂ ਉਦਾਹਰਣਾਂ ਰਾਹੀਂ ਜੀਵਨ ਦੀਆਂ ਔਖੀਆਂ ਗੱਲਾਂ ਨੂੰ ਵੀ ਬੜੇ ਸਹਿਜ ਅਤੇ ਸਾਦੇ ਢੰਗ ਨਾਲ ਸਮਝਾਉਂਦੇ ਸਨ।ਇਸ ਮੌਕੇ ਹਲਕਾ ਖਡੂਰ ਸਾਹਿਬ ਦੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਉਨ੍ਹਾਂ ਨੇ ਗਿਆਨੀ ਪਰਗਟ ਸਿੰਘ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਗਿਆਨੀ ਜੀ ਇੱਕ ਬਹੁਤ ਹੀ ਪਵਿੱਤਰ ਰੂਹ ਸਨ। ਉਨ੍ਹਾਂ ਨਾਲ ਜਦੋਂ ਵੀ ਮਿਲਣ ਦਾ ਮੌਕਾ ਮਿਲਿਆ, ਉਹ ਹਮੇਸ਼ਾ ਪਰਮਾਤਮਾ ਦੀਆਂ ਗੱਲਾਂ ਕਰਦੇ ਅਤੇ ਗੁਰਬਾਣੀ ਦੇ ਹਵਾਲਿਆਂ ਰਾਹੀਂ ਜੀਵਨ ਦੀ ਸੱਚਾਈ ਸਮਝਾਉਂਦੇ ਸਨ।ਸਿੱਕੀ ਨੇ ਕਿਹਾ ਕਿ "ਮੈਂ ਆਪਣੀ ਜ਼ਿੰਦਗੀ ਵਿੱਚ ਗਿਆਨੀ ਪਰਗਟ ਸਿੰਘ ਜੀ ਕੋਲੋਂ ਬਹੁਤ ਕੁਝ ਸਿੱਖਿਆ ਹੈ। ਉਨ੍ਹਾਂ ਦੀ ਸ਼ਖਸੀਅਤ ਵਿੱਚ ਸਾਦਗੀ, ਸੱਚਾਈ ਅਤੇ ਇਮਾਨਦਾਰੀ ਕੁੱਟ-ਕੁੱਟ ਕੇ ਭਰੀ ਹੋਈ ਸੀ। ਉਨ੍ਹਾਂ ਨੇ ਜਿੱਥੇ ਵੀ ਸਰਕਾਰੀ ਨੌਕਰੀ ਕੀਤੀ, ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਆਪਣੀ ਡਿਊਟੀ ਨਿਭਾਈ। ਉਨ੍ਹਾਂ ਨੇ ਆਪਣੀ ਇਮਾਨਦਾਰੀ ਨਾਲ ਕਦੇ ਸਮਝੌਤਾ ਨਹੀਂ ਕੀਤਾ ਅਤੇ ਕਿਸੇ ਕੋਲੋਂ ਇੱਕ ਰੁਪਈਆ ਤੱਕ ਨਹੀਂ ਲਿਆ।"ਉਨ੍ਹਾਂ ਕਿਹਾ ਕਿ ਗਿਆਨੀ ਪਰਗਟ ਸਿੰਘ ਜੀ ਦੀ ਸਭ ਤੋਂ ਵੱਡੀ ਵਿਰਾਸਤ ਉਨ੍ਹਾਂ ਦੀ ਸੋਚ ਅਤੇ ਉਨ੍ਹਾਂ ਵੱਲੋਂ ਪਰਿਵਾਰ ਨੂੰ ਦਿੱਤੇ ਸੰਸਕਾਰ ਹਨ।ਅੱਜ ਉਨ੍ਹਾਂ ਦੇ ਬੱਚੇ ਅਤੇ ਪੋਤੇ-ਪੋਤਰੀਆਂ ਜਿਸ ਤਰ੍ਹਾਂ ਆਪਣੇ ਪਰਿਵਾਰਕ ਅਤੇ ਸਮਾਜਿਕ ਫਰਜ਼ਾਂ ਨੂੰ ਨਿਭਾ ਰਹੇ ਹਨ, ਉਹ ਗਿਆਨੀ ਜੀ ਦੀ ਉੱਚੀ ਸੋਚ ਅਤੇ ਚੰਗੀ ਪਰਵਰਿਸ਼ ਦੀ ਗਵਾਹੀ ਦਿੰਦੇ ਹਨ।ਇਸ ਮੌਕੇ ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ ਨੇ ਗਿਆਨੀ ਪਰਗਟ ਸਿੰਘ ਜੀ ਦੇ ਪੋਤਰੇ ਹਰਪ੍ਰੀਤ ਸਿੰਘ ਚੰਬਾ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਕਿਹਾ ਕਿ ਹਰਪ੍ਰੀਤ ਸਿੰਘ ਚੰਬਾ ਉਨ੍ਹਾਂ ਲਈ ਛੋਟੇ ਭਰਾ ਵਾਂਗ ਹੈ ਅਤੇ ਦਿਲੋਂ ਉਨ੍ਹਾਂ ਦੇ ਬਹੁਤ ਨੇੜੇ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਗੱਲ ਹੋਵੇ, ਹਰਪ੍ਰੀਤ ਹਮੇਸ਼ਾ ਉਨ੍ਹਾਂ ਦੇ ਨਾਲ ਖੜ੍ਹਦਾ ਹੈ। ਉਨ੍ਹਾਂ ਕਿਹਾ ਕਿ ਗਿਆਨੀ ਜੀ ਨਾਲ ਉਨ੍ਹਾਂ ਦਾ ਦਿਲੋਂ ਸਤਿਕਾਰ ਅਤੇ ਪਿਆਰ ਦਾ ਰਿਸ਼ਤਾ ਸੀ ਅਤੇ ਉਨ੍ਹਾਂ ਦੇ ਪਰਿਵਾਰ ਨਾਲ ਵੀ ਹਮੇਸ਼ਾ ਆਪਣਾਪਣ ਰਿਹਾ ਹੈ।ਉਨਾਂ ਨੇ ਕਿਹਾ ਕਿ ਉਹ ਸਿਰਫ਼ ਇੱਕ ਵਿਅਕਤੀ ਨਹੀਂ ਸਨ, ਸਗੋਂ ਆਪਣੇ ਪਿੱਛੇ ਗੁਰਬਾਣੀ, ਸੇਵਾ, ਸੱਚਾਈ ਅਤੇ ਇਮਾਨਦਾਰੀ ਦੀ ਅਮਿੱਟ ਛਾਪ ਛੱਡ ਗਏ ਹਨ। ਉਨ੍ਹਾਂ ਦੀਆਂ ਗੱਲਾਂ ਵਿੱਚੋਂ ਗੁਰਬਾਣੀ ਦਾ ਚਾਨਣ ਝਲਕਦਾ ਸੀ ਅਤੇ ਉਨ੍ਹਾਂ ਦੀ ਜੀਵਨ-ਜਾਚ ਵਿੱਚੋਂ ਸੱਚੇ ਆਚਰਨ ਦੀ ਪ੍ਰੇਰਨਾ ਮਿਲਦੀ ਸੀ।ਗੁਰਬਾਣੀ ਦਾ ਫ਼ਰਮਾਨ ਹੈ—"ਸਚਹੁ ਓਰੈ ਸਭੁ ਕੋ ਉਪਰਿ ਸਚੁ ਆਚਾਰੁ।" ਗਿਆਨੀ ਪਰਗਟ ਸਿੰਘ ਜੀ ਦਾ ਜੀਵਨ ਇਸ ਵਿਚਾਰ ਦੀ ਜੀਵੰਤ ਮਿਸਾਲ ਰਿਹਾ ਕਿ ਸਿਰਫ਼ ਸੱਚ ਬੋਲਣਾ ਹੀ ਨਹੀਂ, ਸਗੋਂ ਸੱਚ ਨੂੰ ਆਪਣੇ ਆਚਰਨ ਵਿੱਚ ਵਸਾਉਣਾ ਹੀ ਮਨੁੱਖ ਦੀ ਅਸਲ ਪਹਿਚਾਣ ਹੈ। ਇਸੇ ਕਰਕੇ ਅੱਜ ਉਨ੍ਹਾਂ ਦੀ ਬਰਸੀ ਮੌਕੇ ਉਨ੍ਹਾਂ ਨੂੰ ਯਾਦ ਕਰਦਿਆਂ ਹਰ ਅੱਖ ਨਮ ਅਤੇ ਹਰ ਦਿਲ ਉਨ੍ਹਾਂ ਦੀ ਯਾਦ ਨਾਲ ਭਰਿਆ ਹੋਇਆ ਸੀ।ਇਸ ਮੌਕੇ ਰਮਨਜੀਤ ਸਿੰਘ ਸਿੱਕੀ ਨੇ ਅਰਦਾਸ ਕਰਦਿਆਂ ਕਿਹਾ ਕਿ ਵਾਹਿਗੁਰੂ ਸੱਚੇ ਪਾਤਸ਼ਾਹ ਗਿਆਨੀ ਪਰਗਟ ਸਿੰਘ ਜੀ ਦੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਸਮੂਹ ਪਰਿਵਾਰ ਉੱਪਰ ਆਪਣਾ ਮਿਹਰ ਭਰਿਆ ਹੱਥ ਰੱਖਣ। ਉਨ੍ਹਾਂ ਕਿਹਾ ਕਿ ਗਿਆਨੀ ਜੀ ਵਰਗੀਆਂ ਸ਼ਖਸੀਅਤਾਂ ਸਰੀਰਕ ਤੌਰ 'ਤੇ ਭਾਵੇਂ ਸਾਡੇ ਵਿਚਕਾਰ ਨਹੀਂ ਰਹਿੰਦੀਆਂ, ਫ਼ਰ ਉਨ੍ਹਾਂ ਦੀਆਂ ਸਿੱਖਿਆਵਾਂ, ਸੰਸਕਾਰ ਅਤੇ ਨੇਕ ਜੀਵਨ ਸਦਾ ਸਮਾਜ ਨੂੰ ਰਾਹ ਦਿਖਾਉਂਦੇ ਰਹਿੰਦੇ ਹਨ।ਇਸ ਤੋਂ ਇਲਾਵਾ ਜਸਵਿੰਦਰ ਸਿੰਘ ਮੁੱਖ ਸਲਾਹਕਾਰ ਸਿੱਕੀ ਸਾਹਿਬ,ਮਾਸਟਰ ਅਜੈਬ ਸਿੰਘ ਮੁੰਡਾ ਜਥੇਦਾਰ ਸਾਹਿਬ ਸਿੰਘ ਗੁੱਜਰਪੁਰਾ,ਪਹਿਲਵਾਨ ਲਖਬੀਰ ਸਿੰਘ ਸਰਪੰਚ ਚੋਹਲਾ ਸਾਹਿਬ,ਮਾਸਟਰ ਗੁਰਨਾਮ ਸਿੰਘ ਧੁੰਨ,ਮਾਸਟਰ ਦਲਬੀਰ ਸਿੰਘ ਚੰਬਾ,ਕੈਪਟਨ ਮਲੂਕ ਸਿੰਘ ਤਪਾ,ਸਰਪੰਚ ਜਗਤਾਰ ਸਿੰਘ ਉੱਪਲ,ਬਲਦੇਵ ਸਿੰਘ ਕੰਬੋ ਢਾਏ ਵਾਲਾ,ਸਰਪੰਚ ਰਸ਼ਪਾਲ ਸਿੰਘ ਧੁੰਨ,ਸਰਪੰਚ ਰੂੜ ਕੁਮਾਰ ਧੁੰਨ,ਸਰਪੰਚ ਸੁਖਵੰਤ ਸਿੰਘ ਰੱਤੋਕੇ,ਚੇਅਰਮੈਨ ਡਾਕਟਰ ਉਪਕਾਰ ਸਿੰਘ ਐਮ.ਐਸ.ਐਮ ਸਕੂਲ ਵਾਲੇ ਪ੍ਰਦੀਪ ਢਿੱਲੋਂ ਖਾਦ ਵਾਲੇ,ਪੱਤਰਕਾਰ ਬਲਵਿੰਦਰ ਸਿੰਘ ਚੋਹਲਾ ਸਾਹਿਬ,ਮਨਦੀਪ ਸਿੰਘ ਮਨੀ ਆੜਤੀਆ ਚੋਹਲਾ ਸਾਹਿਬ,ਸਰਪੰਚ ਮਨਦੀਪ ਸਿੰਘ ਘੜਕਾ,ਡਾਇਰੈਕਟਰ ਨਛੱਤਰ ਸਿੰਘ ਕਾਲਾ ਘੜਕਾ,ਅਮਰਜੀਤ ਸਿੰਘ ਘੜਕਾ,ਸਰਪੰਚ ਬਲਬੀਰ ਸਿੰਘ ਸ਼ਾਹ ਕਰਮੂਵਾਲਾ,ਯੂਥ ਆਗੂ ਸਤਨਾਮ ਸਿੰਘ ਕਰਮੂਵਾਲਾ,ਯੂਥ ਸੈਕਟਰੀ ਕੁਲਬੀਰ ਸਿੰਘ ਕੋਟ ਮੁਹੰਮਦ,ਨੰਬਰਦਾਰ ਸਤਨਾਮ ਸਿੰਘ ਜਾਮਾਰਾਹ, ਪ੍ਰਭਦੀਪ ਸਿੰਘ ਕਾਹਲਵਾਂ,ਕਰਮ ਸਿੰਘ ਸ਼ਾਹ ਚੰਬਾ ਹਵੇਲੀਆਂ,ਹਰਜਿੰਦਰ ਸਿੰਘ ਪ੍ਰਧਾਨ ਚੰਬਾ ਹਵੇਲੀਆਂ, ਧਰਮ ਸਿੰਘ ਸਰਪੰਚ ਚੰਬਾ ਹਵੇਲੀਆਂ,ਸਰਪੰਚ ਗੁਰਪ੍ਰੀਤ ਸਿੰਘ ਕਾਹਲਵਾਂ,ਸੁਖਦੀਪ ਸਿੰਘ ਸੋਨੂ ਚੋਹਲਾ ਖੁਰਦ,ਅਮਨਦੀਪ ਸਿੰਘ ਜੋਹਲ,ਰਾਜਵਿੰਦਰ ਸਿੰਘ ਰਾਜੂ ਜੋਹਲ,ਪਰਮਜੀਤ ਸਿੰਘ ਜਲਾਲਕਾ,ਅਜੀਤ ਪਾਲ ਸਿੰਘ ਬਿੱਟੂ ਚੰਬਾ,ਸੋਨੀ ਨਾਗ, ਗੁਰਦੇਵ ਸਿੰਘ ਨਾਗ,ਨਾਇਬ ਸਿੰਘ ਨਾਗ,ਸਤਨਾਮ ਸਿੰਘ ਪੰਨੂ ਚੋਹਲਾ ਸਾਹਿਬ,ਜਗਸ਼ਰਨ ਸਿੰਘ ਚੰਬਾ ਹਵੇਲੀਆਂ,ਸਰਪੰਚ ਬਲਬੀਰ ਸਿੰਘ ਠੱਟਾ, ਧਰਮਵੀਰ ਸਿੰਘ ਪੱਖੋਪੁਰ,ਰਣਜੀਤ ਸਿੰਘ ਗਿੱਲ ਚੰਬਾ ਹਵੇਲੀਆਂ,ਸਰਪੰਚ ਮਹਿੰਦਰ ਸਿੰਘ ਚੰਬਾ,ਸੁਖਬੀਰ ਸਿੰਘ ਸ਼ੀਰਾ,ਗੁਰਸੇਵਕ ਸਿੰਘ ਜਲਾਲਕਾ,ਪ੍ਰਧਾਨ ਬਲਬੀਰ ਸਿੰਘ ਗਰਾਣਾ,ਹਰਜਿੰਦਰ ਸਿੰਘ ਦੁਆਬੀਆ,ਪ੍ਰਗਟ ਸਿੰਘ ਦੁਆਬੀਆ,ਲਖਬੀਰ ਸਿੰਘ ਕਿਲੇਵਾਲਾ,ਗੁਰਚੇਤਨ ਸਿੰਘ ਹੇਰ,ਪ੍ਰਭਜੀਤ ਸਿੰਘ ਸਿੱਧੂ,ਥਾਣੇਦਾਰ ਅੰਗਰੇਜ਼ ਸਿੰਘ,ਗੁਰਪਾਲ ਸਿੰਘ ਜਲਾਲਕਾ,ਡਾਕਟਰ ਰਸਬੀਰ ਸਿੰਘ ਸੰਧੂ,ਐਡਵੋਕੇਟ ਜਗਰੂਪ ਸਿੰਘ ਸੰਧੂ,ਵਿਜੇ ਬਾਊ ਜੀ,ਮਨਪ੍ਰੀਤ ਸਿੰਘ ਗੁਲਾਲੀਪੁਰ,ਪੀ.ਏ ਰਣਜੀਤ ਸਿੰਘ ਰਾਣਾ ਪਵਾਰ ਆਦਿ ਨੇ ਸੱਚੇ ਦਿਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ।

### ਗੁਰਦੁਆਰਾ ਸੁਧਾਰ ਲਹਿਰ ਭਾਗ-2 ਤਹਿਤ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਆਗੂਆਂ ਨੇ ਚੌਥੇ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕੀਤੀ ਅਰਦਾਸ ਬੇਨਤੀ

# ਤਖਤ ਸ੍ਰੀ ਕੇਸਗੜ੍ਹ ਸਾਹਿਬ ਦੀਆਂ ਸਰਾਵਾਂ 'ਚ ਵਾਪਰੀਆਂ ਘਟਨਾਵਾਂ ਅਤੇ ਸ਼੍ਰੋਮਣੀ ਕਮੇਟੀ ਦੇ ਪ੍ਰਬੰਧਾਂ 'ਚ ਆਇਆ ਨਿਘਾਰ ਚਿੰਤਾ ਦਾ ਵਿਸ਼ਾ- ਪੀਰਮੁਹੰਮਦ

**ਅੰਮ੍ਰਿਤਸਰ, 4 ਅਕਤੂਬਰ (ਆਵਾਜ਼ਿ ਕੌਮ ਬਿਊਰੋ)-** ਸ਼੍ਰੋਮਣੀ ਅਕਾਲੀ ਦਲ ਅਤੇ ਸਿੱਖ ਪੰਥ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਵਿੱਚ ਵਾਪਰੀਆਂ ਹਾਲੀਆ ਮੰਦਭਾਗੀਆਂ ਘਟਨਾਵਾਂ ਨੇ ਵਿਸ਼ਵ ਭਰ ਦੀ ਸਿੱਖ ਸੰਗਤ ਨੂੰ ਗੰਭੀਰ ਚਿੰਤਾ, ਨਾਮੋਸ਼ੀ ਅਤੇ ਰੋਸ ਵਿੱਚ ਪਾਇਆ ਹੈ। ਬੀਤੇ ਦਿਨੀਂ ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸਥਿਤ ਭਾਈ ਬਚਿੱਤਰ ਸਿੰਘ ਨਿਵਾਸ, ਸ੍ਰੀ ਗੁਰੂ ਗੋਬਿੰਦ ਸਿੰਘ ਨਿਵਾਸ ਅਤੇ ਹੋਰ ਅਲੱਗ-ਅਲੱਗ ਸਰਾਵਾਂ ਵਿੱਚ ਜੋ ਕੁਕਰਮ ਕੀਤੇ ਗਏ, ਉਸ ਬਾਰੇ ਮੀਡੀਆ ਅੰਦਰ ਆਈਆਂ ਖਬਰਾਂ ਨੇ ਹਰ ਗੁਰੂ ਨਾਨਕ ਨਾਮਲੇਵਾ ਸਿੱਖ ਨੂੰ ਬੇਹੱਦ ਸ਼ਰਮਸਾਰ ਕੀਤਾ ਹੈ।ਇਸ ਨਿਘਾਰ ਵਿਰੁੱਧ ਅਤੇ ਸੰਗਤ ਦੀ ਆਵਾਜ਼ ਨੂੰ ਬੁਲੰਦ ਕਰਦਿਆਂ "ਗੁਰਦੁਆਰਾ ਸੁਧਾਰ ਲਹਿਰ" ਭਾਗ-2 ਤਹਿਤ ਅੱਜ ਚੌਥੇ ਦਿਨ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਆਗੂ ਜੱਥੇ ਦੇ ਰੂਪ ਵਿੱਚ ਛੇਵੇਂ ਪਾਤਸ਼ਾਹ ਦੇ ਤਖਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜ਼ੂਰੀ ਵਿੱਚ ਅਰਦਾਸ ਬੇਨਤੀ ਕੀਤੀ। ਇਸ ਪ੍ਰੋਗਰਾਮ ਰਾਹੀਂ ਪੰਥਕ ਸੰਸਥਾਵਾਂ ਦੇ ਪ੍ਰਬੰਧ, ਮਾਣ-ਮਰਯਾਦਾ ਅਤੇ ਕਥਿਤ ਦੁਰਵਰਤੋਂ ਸਬੰਧੀ ਉੱਠ ਰਹੀਆਂ ਚਿੰਤਾਵਾਂ ਅਤੇ ਵਿਸ਼ਵ ਭਰ ਦੀ ਸਿੱਖ ਸੰਗਤ ਵਿੱਚ ਪੈਦਾ ਹੋਏ ਰੋਸ ਤੇ ਫਿਕਰ ਨੂੰ ਉਜਾਗਰ ਕੀਤਾ ਗਿਆ।ਅੱਜ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਤਿੰਨ ਜ਼ਿਲ੍ਹਿਆਂ ਦੇ ਆਗੂਆਂ ਨੇ ਗੁਰੂ ਪਾਤਸ਼ਾਹ ਦੇ ਚਰਨਾਂ ਵਿੱਚ ਅਰਦਾਸ ਕਰਦਿਆਂ ਇਹ ਦ੍ਰਿੜ੍ਹ ਅਹਿਦ ਲਿਆ ਕਿ ਜਦੋਂ ਤੱਕ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਦਰ ਆਏ ਇਸ ਨਿਘਾਰ ਨੂੰ ਦੂਰ ਨਹੀਂ ਕੀਤਾ ਜਾਂਦਾ, ਤਦ ਤੱਕ ਇਹ ਜਥੇ ਲਗਾਤਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅਰਦਾਸ ਬੇਨਤੀ ਕਰਦੇ ਰਹਿਣਗੇ। ਇਸ ਅਰਦਾਸ ਸਮਾਗਮ ਵਿੱਚ ਪਹੁੰਚੇ ਪਾਰਟੀ ਦੇ ਸੀਨੀਅਰ ਆਗੂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ






ਦੇ ਨਾਲ ਸ. ਰਣਜੀਤ ਸਿੰਘ ਔਲਖ, ਸ. ਅਮਨਿੰਦਰ ਸਿੰਘ ਬੰਨੀ ਬਰਾੜ, ਸ. ਪ੍ਰਿਤਪਾਲ ਸਿੰਘ ਕੋਹਲੀ, ਡਾਕਟਰ ਮੁਖਤਿਆਰ ਸਿੰਘ ਭੁੱਲਰ, ਸ. ਕਰਨੈਲ ਸਿੰਘ ਭਾਵੜਾ, ਸ. ਜਸਪਾਲ ਸਿੰਘ, ਸ. ਹਰਦੇਵ ਸਿੰਘ ਹਾਮਿਦ, ਜਸਬੀਰ ਸਿੰਘ ਭੁੱਲਰ, ਗੁਰਜਿੰਦਰ ਸਿੰਘ ਟਾਹਲੀਵਾਲਾ, ਜਥੇਦਾਰ ਚਰਨ ਸਿੰਘ, ਗੁਰਲਾਲ ਸਿੰਘ ਬਲਰਾਜ ਸਿੰਘ ਇਕਬਾਲ ਸਿੰਘ ਗੁਰਭੇਜ ਸਿੰਘ ਅਬੋਹਰ, ਸੁਖਵੀਰ ਸਿੰਘ ਸਮਰਾ ਅਮਰੀਕ ਸਿੰਘ ਗੁਰਪ੍ਰੀਤ ਸਿੰਘ ਧਾਲੀਵਾਲ ਪ੍ਰਭਨਿਆਜ਼ ਸਿੰਘ ਸਮਰਾ ਬਿੱਕਰ ਸਿੰਘ ਬਲਵਿੰਦਰ ਸਿੰਘ ਜਸਪਾਲ ਸਿੰਘ ਗੁਰਚਰਨ ਸਿੰਘ ਸ਼ਿੰਦਰਪਾਲ ਸਿੰਘ ਜਗਸੀਰ ਸਿੰਘ ਗੁੰਮਟੀ ਖੁਰਦਸ. ਰਜਿੰਦਰ ਸਿੰਘ ਰਾਜਾ, ਅਤੇ ਸ. ਸਵਿੰਦਰ ਸਿੰਘ ਸੰਧੂ ਗੁਰਤੇਜ ਸਿੰਘ ਗੁਰਮੀਤ ਸਿੰਘ ਜਰਨੈਲ ਸਿੰਘ ਆਦਿ ਮੁੱਖ ਆਗੂ ਸਾਹਿਬਾਨ ਸ਼ਾਮਲ ਸਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸਰਦਾਰ ਕਰਨੈਲ ਸਿੰਘ ਪੀਰਮੁਹੰਮਦ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਜੋ ਚਾਰ ਮੈਂਬਰੀ ਕਮੇਟੀ ਬਣਾਈ ਗਈ ਹੈ, ਉਸ ਨੂੰ ਬਣਿਆਂ ਤਕਰੀਬਨ ਇੱਕ ਹਫ਼ਤਾ ਹੋ ਗਿਆ ਹੈ ਅਤੇ ਹੁਣ ਇੱਕ ਹਫ਼ਤਾ ਹੀ ਬਾਕੀ ਰਹਿ ਗਿਆ ਹੈ। ਉਨ੍ਹਾਂ ਮੰਗ ਕੀਤੀ ਕਿ 15 ਦਿਨਾਂ ਦੇ ਅੰਦਰ-ਅੰਦਰ ਤਮਾਮ ਦੋਸ਼ੀਆਂ ਦੇ ਖਿਲਾਫ ਸਿੱਖ ਪੰਥ ਨੂੰ ਸਹੀ ਜਾਣਕਾਰੀ ਦਿੱਤੀ ਜਾਵੇ ਕਿ ਤਹਿਰੀਨ ਤੋਂ ਆਈ ਬੀਬੀ ਨੂੰ ਤਖਤ ਸ੍ਰੀ ਕੇਸਗੜ੍ਹ ਸਾਹਿਬ ਲਿਆਉਣ ਵਿੱਚ ਕਿਸ-ਕਿਸ ਦੀ ਭੂਮਿਕਾ ਸੀ ਅਤੇ ਇਹ ਸਾਰਾ ਵਰਤਾਰਾ ਕਿਵੇਂ ਵਾਪਰਿਆ।

ਫਤਿਹਗੜ੍ਹ ਚੂੜੀਆਂ ਵਿੱਚ ਨੌਜਵਾਨ ਆਗੂ ਜੋਬਨ ਰੰਧਾਵਾ ਦੀ ਅਗਵਾਈ ਹੇਠ

# ਬਦਲੀ ਸਿਆਸੀ ਹਵਾ: 2027 ਦੀਆਂ ਚੋਣਾਂ ਨੂੰ ਲੈ ਕੇ ਸਰਗਰਮੀਆਂ ਤੇਜ਼

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਮਦ 'ਤੇ ਹੋਏ ਭਾਰੀ ਇਕਠ ਅਤੇ ਲੋਕ ਮਿਲਣੀ ਨੇ ਸਿਆਸੀ ਸਮੀਕਰਨ ਬਦਲ ਕੇ ਰੱਖ ਦਿੱਤੇ












**ਫਤਿਹਗੜ੍ਹ ਚੂੜੀਆਂ (ਆਵਾਜ਼-ਏ-ਕੌਮ ਬਿਊਰੋ)**-ਹਲਕਾ ਫਤਿਹਗੜ੍ਹ ਚੂੜੀਆਂ ਵਿੱਚ ਸਿਆਸੀ ਮਾਹੌਲ ਤੇਜ਼ੀ ਨਾਲ ਬਦਲਦਾ ਨਜ਼ਰ ਆ ਰਿਹਾ ਹੈ। ਨੌਜਵਾਨ ਆਗੂ ਜੋਬਨ ਰੰਧਾਵਾ ਨੂੰ ਹਲਕੇ ਦਾ ਨਵਾਂ ਇੰਚਾਰਜ ਲਾਏ ਜਾਣ ਤੋਂ ਬਾਅਦ ਹਲਕੇ ਵਿੱਚ ਆਮ ਆਦਮੀ ਪਾਰਟੀ ਦਾ ਆਧਾਰ ਹੋਰ ਮਜ਼ਬੂਤ ਹੁੰਦਾ ਦਿਖਾਈ ਦੇ ਰਿਹਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਆਮਦ 'ਤੇ ਹੋਏ ਭਾਰੀ ਇਕਠ ਅਤੇ ਲੋਕ ਮਿਲਣੀ ਨੇ ਸਿਆਸੀ ਸਮੀਕਰਨ ਬਦਲ ਕੇ ਰੱਖ ਦਿੱਤੇ ਹਨ। ਇਸ ਸਬੰਧੀ ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਕੋਕੀ ਅਤੇ ਨੌਜਵਾਨ ਆਗੂ ਗੁਰਵਿੰਦਰ ਸਿੰਘ ਵਿਸ਼ਾਲ ਰੰਧਾਵਾਂ ਨੇ ਕਿਹਾ ਕਿ ਜੋਬਨ ਰੰਧਾਵਾ ਨੂੰ ਨੌਜਵਾਨਾਂ ਤੋਂ ਲੈ ਕੇ ਬਜ਼ੁਰਗਾਂ ਤੱਕ ਦਾ ਭਰਪੂਰ ਪਿਆਰ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅੱਜ ਹਲਕੇ ਵਿੱਚ ਹਰ ਵਰਗ ਦਾ ਮਿਲ ਰਿਹਾ ਭਰਵਾਂ ਹੁੰਗਾਰਾ ਇਸ ਗੱਲ ਦੀ ਗਵਾਹੀ ਭਰ ਰਿਹਾ ਹੈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਫਤਿਹਗੜ੍ਹ ਚੂੜੀਆਂ ਹਲਕਾ ਪੂਰੀ ਤਰ੍ਹਾਂ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਵੇਗਾ। ਇਸ ਮੌਕੇ ਨੌਜਵਾਨ ਆਗੂਆਂ ਵੱਲੋਂ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਅਤੇ ਹਲਕੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਮਿਹਨਤ ਕਰਨ ਦਾ ਅਹਿਦ ਵੀ ਲਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243